


ਰੋਜ਼ਾਨਾ ਸੱਚ ਤੇ ਨਿਡਰ ਆਵਾਜ਼

# ਲੋਕ ਬਾਣੀ

Email : lokbani08@gmail.com ਸੋਮਵਾਰ, 7 ਅਗਸਤ 2023 ਮੁੱਖ ਸੰਪਾਦਕ - ਅਮਨ ਮਹਿਰਾ (ਜਲੰਧਰ)




R.N.I. Punpun/29016/2008 ✲ ਸਾਲ : 15 ✲ ਅੰਕ : 151 ✲ ਮੁੱਲ : 5.00 ਰੁਪਏ ✲ ਕੁੱਲ ਪੇਜ਼ : 9 ✲ ਫੈਕਸ : 0181-2211009 ✲ M. 99155-94111




# ਪਾਕਿਸਤਾਨ ’ਚ ਵਾਪਰਿਆ ਵੱਡਾ ਰੇਲ ਹਾਦਸਾ

## 22 ਲੋਕਾਂ ਦੀ ਮੌਤ

## 100 ਦੇ ਕਰੀਬ ਜ਼ਖ਼ਮੀ

### 10 ਬੋਗੀਆਂ ਸ਼ਹਿਜ਼ਾਦਪੁਰ ਅਤੇ ਨਵਾਬਸ਼ਾਹ ਵਿਚਕਾਰ ਸਥਿਤ ਸਹਾਰਾ ਰੇਲਵੇ ਸਟੇਸ਼ਨ ਨੇੜੇ ਵਾਪਰਿਆਂ ਹਾਦਸਾ

• ਨਵਾਬਸ਼ਾਹ

ਪਾਕਿਸਤਾਨ ਵਿਚ ਵੱਡਾ ਰੇਲ ਹਾਦਸਾ ਹੋਣ ਦੀ ਜਾਣਕਾਰੀ ਸਾਹਮਣੇ ਆਈ ਹੈ। ਇੱਥੇ ਰਾਵਲਪਿੰਡੀ ਜਾ ਰਹੀ ਹਜ਼ਾਰਾ ਐਕਸਪ੍ਰੈਸ ਦੀਆਂ ਕਰੀਬ 10 ਬੋਗੀਆਂ ਸ਼ਹਿਜ਼ਾਦਪੁਰ ਅਤੇ ਨਵਾਬਸ਼ਾਹ ਵਿਚਕਾਰ ਸਥਿਤ ਸਹਾਰਾ ਰੇਲਵੇ ਸਟੇਸ਼ਨ ਨੇੜੇ ਐਤਵਾਰ ਨੂੰ ਪਟੜੀ ਤੋਂ ਉਤਰ ਗਈਆਂ। ਇਸ ਹਾਦਸੇ ਵਿਚ ਘੱਟੋ-ਘੱਟ 22 ਲੋਕਾਂ ਦੀ ਮੌਤ ਹੋ ਗਈ ਜਦਕਿ ਕਰੀਬ 100 ਲੋਕ ਜ਼ਖ਼ਮੀ ਹੋ ਗਏ। ਪਾਕਿਸਤਾਨ ਵਿੱਚ ਰੇਲ ਹਾਦਸੇ ਕੋਈ ਆਮ ਗੱਲ ਨਹੀਂ ਹੈ, ਅਜਿਹੀਆਂ ਕਈ ਘਟਨਾਵਾਂ ਨੇ ਸੈਂਕੜੇ ਲੋਕਾਂ ਦੀ ਜਾਨ ਲੈ ਲਈ ਹੈ ਅਤੇ ਸੈਂਕੜੇ ਲੋਕ ਜ਼ਖਮੀ ਹੋਏ ਹਨ, ਪਰ ਅਧਿਕਾਰੀ ਅਜਿਹੀਆਂ ਘਟਨਾਵਾਂ ਨੂੰ ਰੋਕਣ ਲਈ ਉਪਾਅ ਕਰਨ ਵਿੱਚ ਅਸਫਲ ਰਹਿੰਦੇ ਹਨ।ਉੱਧਰ ਪ੍ਰਭਾਵਿਤਾਂ ਨੂੰ ਨਵਾਬਸ਼ਾਹ ਦੇ ਪੀਪਲਜ਼ ਮੈਡੀਕਲ ਹਸਪਤਾਲ ਭੇਜ ਦਿੱਤਾ ਗਿਆ ਹੈ, ਜਦਕਿ ਹੋਰ ਲੋਕਾਂ ਦੇ ਜ਼ਖਮੀ ਹੋਣ ਦਾ ਖਦਸ਼ਾ ਹੈ, ਕਿਉਂਕਿ ਅਧਿਕਾਰੀਆਂ ਦਾ ਕਹਿਣਾ ਹੈ ਕਿ ਪਟੜੀ ਤੋਂ ਉਤਰਨ ਦੇ ਕਾਰਨਾਂ ਦਾ ਅਜੇ ਤੱਕ ਪਤਾ ਨਹੀਂ ਲੱਗ ਸਕਿਆ ਹੈ।ਫੈਡਰਲ ਰੇਲ ਮੰਤਰੀ ਸਾਦ ਰਫੀਕ ਨੇ ਮੀਡੀਆ ਨੂੰ ਦੱਸਿਆ ਕਿ ਮ੍ਰਿਤਕਾਂ ਦੀ ਗਿਣਤੀ ਵਧ ਸਕਦੀ ਹੈ ਕਿਉਂਕਿ ਕੁਝ ਜ਼ਖਮੀਆਂ ਦੀ ਹਾਲਤ ਗੰਭੀਰ ਬਣੀ ਹੋਈ ਹੈ।ਰੇਲਵੇ ਡਿਵੀਜ਼ਨਲ ਸੁਪਰਡੈਂਟ ਸੁੱਕਰ ਮਹਿਮੂਦੁਰ ਰਹਿਮਾਨ ਨੇ ਪੁਸ਼ਟੀ ਕੀਤੀ ਕਿ ਰੇਲ ਹਾਦਸੇ ਵਿੱਚ 10 ਬੋਗੀਆਂ ਪਟੜੀ ਤੋਂ ਉਤਰ ਗਈਆਂ ਸਨ। ਉਨ੍ਹਾਂ ਕਿਹਾ ਕਿ ਹੋਰ ਵੇਰਵੇ ਪ੍ਰਾਪਤ ਕੀਤੇ ਜਾ ਰਹੇ ਹਨ। ਪੁਲਸ ਨੇ ਦੱਸਿਆ ਕਿ ਫਿਲਹਾਲ ਪ੍ਰਭਾਵਿਤ ਬੋਗੀਆਂ ’ਚੋਂ ਯਾਤਰੀਆਂ ਨੂੰ ਕੱਢਣ ਲਈ ਬਚਾਅ ਕਾਰਜ ਕੀਤੇ ਜਾ ਰਹੇ ਹਨ। ਸਥਾਨਕ ਪ੍ਰਸ਼ਾਸਨ ਮੁਤਾਬਕ ਹਾਦਸੇ ਤੋਂ ਬਾਅਦ ਨੇੜਲੇ ਹਸਪਤਾਲਾਂ ’ਚ ਐਮਰਜੈਂਸੀ ਲਗਾ ਦਿੱਤੀ ਗਈ ਹੈ।ਰਹਿਮਾਨ ਨੇ ਅੱਗੇ ਕਿਹਾ ਕਿ ਲੋਕੋ ਸ਼ੈੱਡ ਰੋਹੜੀ ਤੋਂ ਘਟਨਾ ਵਾਲੀ ਥਾਂ ’ਤੇ ਰਾਹਤ ਗਤੀਵਿਧੀਆਂ ਕਰਨ ਲਈ ਇਕ ਰੇਲਗੱਡੀ ਪਹੁੰਚ ਰਹੀ ਹੈ। ਸਾਈਟ ’ਤੇ ਪਹੁੰਚਣ ਲਈ ਘੱਟੋ-ਘੱਟ ਤਿੰਨ ਘੰਟੇ ਲੱਗਣਗੇ। ਉਨ੍ਹਾਂ ਨੇ ਜੀਓ ਨਿਊਜ਼ ਨੂੰ ਦੱਸਿਆ ਕਿ ”ਹਾਦਸੇ ਕਾਰਨ ਅੱਪ ਟਰੈਕ ’ਤੇ ਆਵਾਜਾਈ ਠੱਪ ਹੋ ਗਈ ਹੈ। ਜਦੋਂ ਰੇਲਗੱਡੀਆਂ ਨਾਲ ਜੁੜੇ ਹਾਦਸਿਆਂ ਦੀ ਗੱਲ ਆਉਂਦੀ ਹੈ ਤਾਂ ਪਾਕਿਸਤਾਨ ਦਾ ਰਿਕਾਰਡ ਘਟੀਆ ਹੈ।

## ਉਤਰਾਖੰਡ ’ਚ ਗੋਰੀਕੁੰਡ ਲਾਗੇ ਜਮੀਨ ਖਿਸਕੀ

## 20 ਲਾਪਤਾ




• ਉਤਰਾਖੰਡ : ਗੌਰੀਕੁੰਡ ਵਿਖੇ ਜ਼ਮੀਨ ਖਿਸਕਣ ਤੋਂ ਬਾਅਦ ਲਾਪਤਾ ਵਿਅਕਤੀਆਂ ਦੀ ਭਾਲ ਅਤੇ ਬਚਾਅ ਕਾਰਜ ਜਾਰੀ ।ਅਧਿਕਾਰੀਆਂ ਮੁਤਾਬਕ ਸ਼ੁੱਕਰਵਾਰ ਨੂੰ ਜ਼ਮੀਨ ਖਿਸਕਣ ਕਾਰਨ 20 ਲੋਕ ਅਜੇ ਵੀ ਲਾਪਤਾ ਹਨ ਅਤੇ ਤਿੰਨ ਲੋਕਾਂ ਦੀ ਮੌਤ ਹੋ ਗਈ ।ਸਟੇਟ ਡਿਜ਼ਾਸਟਰ ਰਿਸਪਾਂਸ ਫੋਰਸ (ਐਸਡੀਆਰਐਫ) ਦੇ ਇਕ ਅਧਿਕਾਰਤ ਬਿਆਨ ਵਿਚ ਕਿਹਾ ਗਿਆ ਹੈ, 3 ਅਤੇ 4 ਅਗਸਤ ਦੀ ਦਰਮਿਆਨੀ ਰਾਤ ਨੂੰ ਕੇਦਾਰਨਾਥ ਯਾਤਰਾ ਮਾਰਗ ’ਤੇ ਗੌਰੀਕੁੰਡ ਦਾਤਪੁਲੀਆ ਨੇੜੇ ਜ਼ਮੀਨ ਖਿਸਕਣ ਵਿਚ ਲਾਪਤਾ ਲੋਕਾਂ ਦੀ ਭਾਲ ਅਤੇ ਬਚਾਅ ਕਾਰਜ ਲਗਾਤਾਰ ਜਾਰੀ ਹੈ।

## ਪੁਲਿਸ ਦੇ ਹੱਥ ਲੱਗੀ ਇਸ ਸਾਲ ਦੀ ਸਭ ਤੋਂ ਵੱਡੀ ਨਸ਼ੇ ਦੀ ਖੇਪ

• ਜਲੰਧਰ/ਰਾਕੇਸ਼ ਵਰਮਾ




ਪੰਜਾਬ ਪੁਲਿਸ ਨੇ ਪਾਕਿਸਤਾਨ ਤੋਂ ਤਸਕਰਾਂ ਵੱਲੋਂ ਭਾਰਤੀ ਸਰਹੱਦ ‘ਤੇ ਭੇਜੀ ਗਈ ਹੈਰੋਇਨ ਦੀ ਵੱਡੀ ਖੇਪ ਕਾਬੂ ਕਰਨ ‘ਚ ਸਫਲਤਾ ਹਾਸਲ ਕੀਤੀ ਹੈ। ਇਹ ਖੇਪ ਦੋ ਵੱਖ-ਵੱਖ ਤਸਕਰ ਗਰੋਹ ਤੋਂ ਫੜੀ ਗਈ ਹੈ। ਪੁਲਿਸ ਵੱਲੋਂ ਇਸ ਨੂੰ 2023 ਦੀ ਸਭ ਤੋਂ ਵੱਡੀ ਬਰਾਮਦਗੀ ਦੱਸਿਆ ਗਿਆ ਹੈ। ਇਸ ਖੇਪ ਦੀ ਅੰਤਰਰਾਸ਼ਟਰੀ ਕੀਮਤ 539 ਕਰੋੜ ਰੁਪਏ ਦੱਸੀ ਜਾ ਰਹੀ ਹੈ। ਡੀਜੀਪੀ ਗੌਰਵ ਯਾਦਵ ਨੇ ਟਵੀਟ ਕਰਕੇ ਦੱਸਿਆ ਕਿ ਇਹ ਬਰਾਮਦਗੀ ਕਾਊਂਟਰ ਇੰਟੈਲੀਜੈਂਸ ਫਿਰੋਜ਼ਪੁਰ ਵੱਲੋਂ ਕੀਤੀ ਗਈ ਹੈ।ਦੋ ਵੱਖ-ਵੱਖ ਮਾਮਲਿਆਂ ਵਿੱਚ ਪੁਲਿਸ ਨੇ ਚਾਰ ਤਸਕਰਾਂ ਨੂੰ ਕਾਬੂ ਕਰਨ ਵਿੱਚ ਸਫਲਤਾ ਹਾਸਲ ਕੀਤੀ ਹੈ। ਇਹ ਖੇਪ ਪਾਕਿਸਤਾਨ ਤੋਂ ਭਾਰਤੀ ਸਰਹੱਦ ‘ਤੇ ਪਹੁੰਚਾਈ ਗਈ ਸੀ ਤੇ ਫੜੇ ਗਏ ਸਮੱਗਲਰ ਇਸ ਖੇਪ ਨੂੰ ਪੰਜਾਬ ਤੋਂ ਇਲਾਵਾ ਹੋਰ ਸੂਬਿਆਂ ‘ਚ ਪਹੁੰਚਾਉਣ ਵਾਲੇ ਸਨ।ਪੁਲਿਸ ਨੇ ਐਸਐਸਓਸੀ ਫਾਜ਼ਿਲਕਾ ਵਿਖੇ ਐਨਡੀਪੀਐਸ ਤਹਿਤ ਕੇਸ ਦਰਜ ਕਰਕੇ ਕਾਰਵਾਈ ਸ਼ੁਰੂ ਕਰ ਦਿੱਤੀ ਹੈ। ਡੀਜੀਪੀ ਨੇ ਦੱਸਿਆ ਕਿ ਇਸ ਮਾਮਲੇ ਵਿੱਚ 4 ਤਸਕਰਾਂ ਨੂੰ ਗ੍ਰਿਫ਼ਤਾਰ ਕੀਤਾ ਗਿਆ ਹੈ। ਇੱਕ ਮਾਮਲੇ ਵਿੱਚ 41 ਕਿਲੋ ਤੇ ਦੂਜੇ ਮਾਮਲੇ ਵਿੱਚ 36 ਕਿਲੋ ਹੈਰੋਇਨ ਬਰਾਮਦ ਹੋਈ ਹੈ।

## ਪੰਜਾਬ ਪੁਲੀਸ ਦੇ ਥਾਣੇਦਾਰ ਨੇ ਕੁਆਟਰ ’ਚ ਲਿਆ ਫਾਹਾ

• ਮੰਡੀ ਕਿੱਲਿਆਂਵਾਲੀ

ਲੰਬੀ ਥਾਣਾ ਵਿਖੇ ਏ.ਐਸ.ਆਈ. ਗੁਰਪਾਲ ਸਿੰਘ ਵਲੋਂ ਫਾਹਾ ਲੈ ਕੇ ਖੁਦਕੁਸ਼ੀ ਦੀ ਮੰਦਭਾਗੀ ਘਟਨਾ ਸਾਹਮਣੇ ਆਈ ਹੈ । ਮ੍ਰਿਤਕ ਲੰਬੀ ਥਾਣੇ ’ਚ ਬਤੌਰ ਮਾਲਖਾਨਾ ਮੁਨਸ਼ੀ ਵਜੋਂ ਤਾਇਨਾਤ ਸੀ ।ਘਟਨਾ ਉਪਰੰਤ ਪੁਲਿਸ ਮਾਮਲੇ ਦੀ ਪੜਤਾਲ ਵਿਚ ਜੁਟੀ ਹੋਈ ਹੈ ।



ਜਾਣਕਾਰੀ ਮੁਤਾਬਿਕ ਏ.ਐਸ.ਆਈ. ਗੁਰਪਾਲ ਸਿੰਘ ਥਾਣਾ ਕੰਪਲੈਕਸ ’ਚ ਸਥਿਤ ਮੁਲਾਜ਼ਮ ਕੁਆਰਟਰ ਵਿਖੇ ਮੌਜੂਦ ਸੀ ।ਉਸ ਨੇ ਕਿਸੇ ਅਗਿਆਤ ਕਾਰਨ ਕਰਕੇ ਅੱਜ ਬਾਅਦ ਦੁਪਿਹਰ ਕੁਆਰਟਰ ਅੰਦਰ ਛੱਤ ਵਾਲੇ ਪੱਖੇ ਨਾਲ ਫਾਹਾ ਲਗਾ ਕੇ ਜ਼ਿੰਦਗੀ ਮੁਕਾ ਲਈ । ਪਤਾ ਲੱਗਿਆ ਹੈ ਕਿ ਲੰਬੀ ਹਲਕੇ ਦੇ ਪਿੰਡ ਮੋਹਲਾਂ ਨਾਲ ਸੰਬੰਧਿਤ ਏ.ਐਸ.ਆਈ. ਗੁਰਪਾਲ ਸਿੰਘ ਦੀ ਉਮਰ 50 ਸਾਲ ਤੋਂ ਉੱਪਰ ਸੀ ।ਮ੍ਰਿਤਕ ਦੀ ਲਾਸ਼ ਸਰਕਾਰੀ ਹਸਪਤਾਲ ਗਿੱਦੜਬਾਹਾ ਦੇ ਮੁਰਦਾ ਘਰ ’ਚ ਭੇਜ ਦਿੱਤੀ ਗਈ ਹੈ ।ਪੁਲਿਸ ਅਮਲੇ ’ਚ ਸੋਗ ਦੀ ਲਹਿਰ ਹੈ ।

## ਪ੍ਰਸ਼ਾਸਨ ਵਲੋ ਨੂਰ ਚ ਹਮਲੇ ਵਾਲੀ ਇਮਾਰਤ ਢਾਹੀ ਗਈ

• ਦਿੱਲੀ/ਕਪੂਰ

ਹਰਿਆਣਾ ਅਥਾਰਿਟੀਜ਼ ਵੱਲੋਂ ਹਿੰਸਾ ਦੇ ਝੰਬੇ ਨੂਹ ਜ਼ਿਲ੍ਹੇ ਵਿੱਚ ਗੈਰਕਾਨੂੰਨੀ ਇਮਾਰਤਾਂ ਢਾਹੁਣ ਦਾ ਅਮਲ ਅੱਜ ਵੀ ਜਾਰੀ ਰਿਹਾ। ਅਧਿਕਾਰੀਆਂ ਨੇ ਕਿਹਾ ਕਿ ਇਨ੍ਹਾਂ ਇਮਾਰਤਾਂ ਵਿੱਚ ਇਕ ਹੋਟਲ ਕਮ ਰੈਸਟੋਰੈਂਟ ਵੀ ਸ਼ਾਮਲ ਸੀ, ਜਿੱਥੋਂ ਧਾਰਮਿਕ ਯਾਤਰਾ ’ਤੇ ਕਥਿਤ ਪੱਥਰਬਾਜ਼ੀ ਕੀਤੀ ਗਈ ਸੀ। ਨੂਹ ਵਿੱਚ ਗੈਰਕਾਨੂੰਨੀ ਉਸਾਰੀਆਂ ਢਾਹੁਣ ਦੀ ਮੁਹਿੰਮ ਦਾ ਅੱਜ ਚੌਥਾ ਦਿਨ ਹੈ। ਜ਼ਿਲ੍ਹਾ ਪ੍ਰਸ਼ਾਸਨ ਨੇ ਦਾਅਵਾ ਕੀਤਾ ਸੀ ਕਿ ਉਸ ਨੇ 16 ਗੈਰਕਾਨੂੰਨੀ ਇਮਾਰਤਾਂ ਦੀ ਪਛਾਣ ਕੀਤੀ ਹੈ, ਜਿਨ੍ਹਾਂ ਨੂੰ ਅੱਜ (ਐਤਵਾਰ) ਢਾਹਿਆ ਜਾਣਾ ਹੈ। ਸਬ ਡਿਵੀਜ਼ਨ ਮੈਜਿਸਟਰੇਟ ਅਸ਼ਵਨੀ ਕੁਮਾਰ ਨੇ ਕਿਹਾ ਕਿ ਹਾਲੀਆ ਹਿੰਸਾ ਦੌਰਾਨ ‘ਗੁੰਡਾ ਅਨਸਰਾਂ’ ਨੇ ਇਨ੍ਹਾਂ ਗੈਰਕਾਨੂੰਨੀ ਇਮਾਰਤਾਂ ਦੀ ਵਰਤੋਂ ਕਰਕੇ ਪੱਥਰਬਾਜ਼ੀ ਕੀਤੀ। ਉਧਰ ਨੂਹ ਦੇ ਜ਼ਿਲ੍ਹਾ ਮੈਜਿਸਟਰੇਟ ਧੀਰੇਂਦਰ ਖਦਗਾਟਾ ਨੇ ਕਿਹਾ ਕਿ ਅੱਜ ਸਵੇਰੇ 9 ਤੋਂ 12 ਵਜੇ ਤੱਕ ਕਰਫਿਊ ’ਚ ਢਿੱਲ ਦਿੱਤੀ ਗਈ ਤਾਂ ਕਿ ਲੋਕ ਜ਼ਰੂਰੀ ਵਸਤਾਂ ਖਰੀਦ ਸਕਣ।




## ਰੂਸੀ ਟੈਂਕਰ ਤੇ ਯੂਕਰੇਨ ਨੇ ਕੀਤੇ ਡਲੋਨਾ ਨਾਲ ਹਮਲੇ

**ਕੀਵ** : ਯੂਕਰੇਨ ਦੇ ਡਰੋਨਾਂ ਵੱਲੋਂ ਸ਼ੁੱਕਰਵਾਰ ਦੇਰ ਰਾਤ ਕ੍ਰੀਮੀਆ ਨੇੜੇ ਕਾਲਾ ਸਾਗਰ ’ਚ ਰੂਸ ਦੇ ਇੱਕ ਟੈਂਕਰ ’ਤੇ ਹਮਲਾ ਕੀਤਾ ਗਿਆ। ਰੂਸੀ ਅਧਿਕਾਰੀਆਂ ਅਤੇ ਸੋਸ਼ਲ ਮੀਡੀਆ ’ਤੇ ਚੱਲ ਰਹੀ ਵੀਡੀਓ ਤੋਂ ਇਹ ਜਾਣਕਾਰੀ ਮਿਲੀ। ਯੂਕਰੇਨ ਦੇ ਡਰੋਨਾਂ ਵੱਲੋਂ ਰੂਸ ’ਚ ਇੱਕੋ ਦਿਨ ਇਹ ਦੂਜਾ ਹਮਲਾ ਸੀ। ਯੂਕਰੇਨ ਨੇ ਸ਼ੁੱਕਰਵਾਰ ਨੂੰ ਰੂਸ ਦੀ ਇੱਕ ਮੁੱਖ ਬੰਦਰਗਾਹ ’ਤੇ ਹਮਲਾ ਕੀਤਾ ਸੀ, ਜਿਸ ਨੇ ਕੀਵ ਜਲ ਸੈਨਾ ਦੀ ਵਧਦੀ ਹੋਈ ਸਮਰੱਥਾ ਨੂੰ ਉਭਾਰਿਆ ਹੈ। ਰੂਸ ਨੇ ਲਗਪਗ ਤਿੰਨ ਹਫ਼ਤੇ ਪਹਿਲਾਂ ਯੂਕਰੇਨ ਵੱਲੋਂ ਸਮੁੰਦਰੀ ਮਾਰਗ ਰਾਹੀਂ ਅਨਾਜ ਬਰਾਮਦ ਸਬੰਧੀ ਸਮਝੌਤਾ ਖਤਮ ਕਰਨ ਦਾ ਐਲਾਨ ਕੀਤਾ ਸੀ ਅਤੇ ਯੂਕਰੇਨੀ ਬੰਦਰਗਾਹਾਂ ਨੂੰ ਨਿਸ਼ਾਨਾ ਬਣਾਇਆ ਸੀ ਜਿਸ ਮਗਰੋਂ ਯੂਕਰੇਨ ਨੇ ਮੋੜਵਾਂ ਹਮਲਾ ਕੀਤਾ ਹੈ। ਰੂਸ ਦੀ ਸੰਘੀ ਸਮੁੰਦਰੀ ਅਤੇ ਨਹਿਰੀ ਆਵਾਜਾਈ ਏਜੰਸੀ ਨੇ ਟੈਲੀਗ੍ਰਾਮ ’ਤੇ ਲਿਖਿਆ, “ਸਮੁੰਦਰੀ ਡਰੋਨ ਦੇ ਹਮਲੇ ਕਾਰਨ ਇੰਜਣ ਦੇ ਕੈਬਿਨ ’ਚ ਛੇਕ ਹੋ ਗਿਆ ਪਰ ਟੈਂਕਰ ’ਚ ਸਵਾਰ ਚਾਲਕ ਦਲ ਦੇ ਸਾਰੇ 11 ਮੈਂਬਰ ਸੁਰੱਖਿਅਤ ਹਨ।”

JSDC GROUP

ਜਲੰਧਰ ਸਕਿਲ ਡਿਵੈਲਪਮੈਂਟ ਕਾਰਪੋਰੇਸ਼ਨ®

178, ਪੁਲਿਸ ਲਾਈਨ ਰੋਡ, ਰਣਜੀਤ ਨਗਰ, ਜਲੰਧਰ - ਇੰਡੋ ਕੈਨੇਡੀਅਨ ਬੱਸ ਦਫਤਰ ਦੇ ਨੇੜੇ

82880 21797
82880 21798

ਭਾਰਤ ਸਰਕਾਰ ਦੇ ਵਿਦੇਸ਼ ਮੰਤਰਾਲੇ ਤੋਂ ਮਾਨਤਾ ਪ੍ਰਾਪਤ ਭਰਤੀ ਏਜੰਸੀ | ਲਾਇਸੰਸ ਨੰ: B-1303/PUN/PER/1000+/5/9437/2018

WWW.JSDCGROUP.COM

ਦੁਬਈ, ਕੁਵੈਤ ਅਤੇ ਯੂਰਪ ਦੇ ਦੇਸ਼ਾਂ ਵਿੱਚ ਵਰਕ ਪਰਮਿਟ ਦੀ ਜਾਣਕਾਰੀ ਲਈ ਅੱਗੇ ਦਿੱਤੇ ਨੰਬਰਾਂ 'ਤੇ ਕਾਲ ਕਰੋ
ਜਾਂ ਸਾਡੇ ਫੇਸਬੁੱਕ, ਇੰਸਟਾਗ੍ਰਾਮ, ਲਿੰਕਡਇਨ, ਯੂਟਿਊਬ ਅਤੇ ਟਵਿੱਟਰ ਅਕਾਊਂਟਸ ਨੂੰ ਫਾਲੋ ਕਰੋ

JSDC GROUP - INDIA



# ਕੱਚੇ ਮੁਲਾਜ਼ਮਾਂ ਨੂੰ ਪੱਕਾ ਕਰਨ ਵਾਲੇ ਸਾਫਟਵੇਅਰ ਦੇ ਨਿਯਮਾਂ ਨੇ ਜੰਗਲਾਤ ਕਾਮਿਆਂ ਦੇ ਅਰਮਾਨਾਂ ਤੇ ਫੇਰਿਆ ਝਾੜੂ

■ ਜਥੇਬੰਦੀ ਵੱਲੋਂ ਇਸ ਸਬੰਧੀ ਜੰਗਲਾਤ ਮੰਤਰੀ ਨੂੰ ਮੰਗ ਪੱਤਰ ਸੌਂਪਿਆ

**• ਗੁਰਦਾਸਪੁਰ-ਨਵਨੀਤ ਕੁਮਾਰ**

ਆਮ ਆਦਮੀ ਪਾਰਟੀ ਵੱਲੋਂ ਵੱਖ ਵੱਖ ਵਿਭਾਗਾਂ ਦੇ ਕੱਚੇ ਕਾਮਿਆਂ ਨੂੰ ਪੱਕੇ ਕਰਨ ਦੇ ਐਲਾਨਾਂ ਉਪਰ ਝਾੜੂ ਫਿਰਦਾ ਨਜ਼ਰ ਆ ਰਿਹਾ ਹੈ। ਪੱਕੇ ਕਰਨ ਸਬੰਧੀ ਪੰਜਾਬ ਸਰਕਾਰ ਵੱਲੋਂ ਜਾਰੀ ਹਦਾਇਤਾਂ ਅਨੁਸਾਰ ਅਣਪੜ੍ਹ ਵਿਅਕਤੀ, ਅਤੇ 58 ਸਾਲ ਤੋਂ ਵੱਧ ਉਮਰ ਵਾਲੇ ਦਿਹਾੜੀਦਾਰ ਕਾਮਿਆਂ ਲਈ ਕੋਈ ਥਾਂ ਨਹੀਂ ਹੈ। ਜਿਸ ਦਾ ਸਿੱਧਾ ਅਸਰ ਜੰਗਲਾਤ ਵਿਭਾਗ ਵਿਚ ਪਿਛਲੇ 20 ਸਾਲਾਂ ਤੋਂ ਪੱਕਾ ਹੋਣ ਦੀ ਉਡੀਕ ਕਰ ਰਹੇ ਕਾਮਿਆਂ ਤੇ ਪਿਆ ਹੈ।ਅੱਜ ਡੈਮੋਕ੍ਰੇਟਿਕ ਜੰਗਲਾਤ ਮੁਲਾਜ਼ਮ ਯੂਨੀਅਨ ਪੰਜਾਬ ਦਾ ਇੱਕ ਵਫਦ ਰਛਪਾਲ ਸਿੰਘ ਯੋਧਾ ਨਗਰੀ, ਅਤੇ ਮੁਲਾਜ਼ਮ ਆਗੂ ਅਮਰਜੀਤ ਸ਼ਾਸਤਰੀ ਦੀ ਅਗਵਾਈ ਹੇਠ ਜੰਗਲਾਤ ਤੇ ਵਣ ਜੀਵ ਸੁਰੱਖਿਆ ਮੰਤਰੀ ਸ੍ਰੀ ਲਾਲ ਚੰਦ ਕਟਾਰੂ ਚੱਕ ਨੂੰ ਮਿਲਿਆ। ਆਗੂਆਂ ਨੇ ਜੰਗਲਾਤ ਵਿਭਾਗ ਵਿਚ ਕੱਚੇ ਵਰਕਰਾਂ ਨੂੰ ਪੱਕਾ ਕਰਨ ਵਿਚ ਆ ਰਹੀਆਂ ਸਮੱਸਿਆਵਾਂ ਵੱਲ ਦਿਵਾਇਆ। ਵਿਭਾਗ ਵਲੋਂ ਜਿਸ ਸਾਫਟਵੇਅਰ ਰਾਹੀਂ ਵਰਕਰਾਂ ਨੂੰ ਪੱਕਾ ਕਰਨ ਲਈ ਸੂਚਨਾਵਾਂ ਇਕਠੀਆਂ ਕੀਤੀਆਂ ਜਾ ਰਹੀਆਂ ਹਨ ਉਸ ਅਨੁਸਾਰ ਅਣਪੜ੍ਹ ਕਾਮੇ ਅਤੇ 58 ਸਾਲ ਤੋਂ ਵੱਧ ਉਮਰ ਵਾਲੇ ਪੱਕਾ ਨਹੀਂ ਕੀਤੇ ਜਾ ਸਕਦੇ ਹਨ। ਇਸ ਤਰ੍ਹਾਂ 1500 ਦੇ ਲੱਗਭਗ ਕਾਮੇ ਬਾਕੀ ਸਾਰੀਆਂ ਸ਼ਰਤਾਂ ਪੂਰੀਆਂ ਕਰਨ ਦੇ ਬਾਵਜੂਦ ਵੀ ਪੱਕਾ ਨਹੀਂ ਹੋ ਸਕਦੇ। ਬਹੁਤ ਸਾਰੇ ਵਰਕਰਾਂ ਦਾ ਸੀਨੀਆਰਤਾ ਸੂਚੀ ਵਿਚ ਵਾਰ ਵਾਰ ਬੇਨਤੀ ਕਰਨ ਦੇ ਸਰਵਿਸ ਵਿਚ ਰਿਕਾਰਡ ਸ਼ਾਮਲ ਨਹੀਂ ਕੀਤਾ ਜਾ ਰਿਹਾ। ਇਸ ਸਬੰਧੀ ਮੰਤਰੀ ਜੀ ਨੇ ਮਹਿਕਮੇ ਦੇ ਉੱਚ ਅਧਿਕਾਰੀਆਂ ਨਾਲ ਗੱਲਬਾਤ ਕਰਕੇ ਇਸ ਦਾ ਹੱਲ ਕਰਨ ਦੇ ਆਦੇਸ਼ ਦਿੱਤੇ ਹਨ। ਉਨ੍ਹਾਂ ਦੱਸਿਆ ਕਿ ਸਾਫਟਵੇਅਰ ਵਿੱਚ ਆਈਆਂ ਤਰੁੱਟੀਆਂ ਦੂਰ ਕਰਨ ਲਈ ਵਿਭਾਗ ਦੇ ਮੁਖੀ ਚੀਫ ਸੈਕਟਰੀ ਨਾਲ ਮੀਟਿੰਗ ਕਰ ਰਹੇ ਹਨ। ਗੁਰਦਾਸਪੁਰ ਦੇ ਅਲੀਵਾਲ ਵਣ ਰੇਂਜ, ਕਾਦੀਆਂ ਵਣ ਰੇਂਜ ਵਿਚ ਵਰਕਰਾਂ ਨੂੰ ਪਿਛਲੇ ਚਾਰ ਮਹੀਨਿਆਂ ਤੋਂ ਤਨਖਾਹਾਂ ਨਾ ਮਿਲਣ ਦਾ ਮੁੱਦਾ ਗੰਭੀਰਤਾ ਨਾਲ ਉਠਾਇਆ ਗਿਆ ਜਿਸ ਲਈ ਵਣਮੰਡਲ ਅਫਸਰ ਗੁਰਦਾਸਪੁਰ ਨੂੰ ਤੁਰੰਤ ਹੱਲ ਕਰਨ ਦੇ ਮੌਕੇ ਤੇ ਆਦੇਸ਼ ਦਿੱਤੇ ਗਏ। ਜਥੇਬੰਦੀ ਦੇ ਰਹਿੰਦੇ ਮਾਮਲਿਆਂ ਵਾਰੇ ਚੰਡੀਗੜ੍ਹ ਮੀਟਿੰਗ ਕੀਤੀ ਜਾਵੇਗੀ। ਇਸ ਮੌਕੇ ਹੋਰਨਾਂ ਤੋਂ ਇਲਾਵਾ ਅਸ਼ਵਨੀ ਸ਼ਰਮਾ ਕਲਾਨੌਰ,ਰਦਬਲਵੀਰ ਸਿੰਘ, ਦਵਿੰਦਰ ਸਿੰਘ, ਹਰਦੇਵ ਸਿੰਘ, ਗੁਰਦੀਪ ਸਿੰਘ, ਗੁਲਜ਼ਾਰ ਸਿੰਘ, ਕੁੰਨਣ ਸਿੰਘ, ਪ੍ਰਤਾਪ ਸਿੰਘ, ਸਰਦੂਲ ਸਿੰਘ, ਝਿਰਮਿਲ ਸਿੰਘ ਹਾਜ਼ਰ ਸਨ।

# ਕੀਰਤਨ ਕਰਕੇ ਸੰਗਤਾਂ ਨੂੰ ਕੀਤਾ ਨਿਹਾਲ




**• ਅੰਮ੍ਰਿਤਸਰ**

ਭਗਤ ਪੂਰਨ ਸਿੰਘ ਜੀ ਦੀ 31ਵੀਂ ਬਰਸੀ ਦੇ ਸਮਾਗਮਾਂ ਦਾ ਆਰੰਭ ਮਿਤੀ 27-07-2023 ਤੋਂ ਸਹਿਜ ਪਾਠ ਦੇ ਆਰੰਭ ਨਾਲ ਹੋਇਆ। ਇਹ ਪ੍ਰੋਗਰਾਮ ਮਿਤੀ 05-08-2023 ਤੱਕ ਲਗਾਤਾਰ ਚੱਲਦੇ ਰਹੇ। ਮਿਤੀ 05-08-2023 ਨੂੰ ਸਵੇਰੇ ਸਹਿਜ ਪਾਠ ਦੇ ਭੋਗ ਪਾਏ ਗਏ। ਇਸ ਉਪਰੰਤ ਪਿੰਗਲਵਾੜਾ ਸੰਸਥਾ ਦੇ ਬੱਚਿਆਂ,ਜੁਝਾਰ ਸਿੰਘ ਮਿਸ਼ਨਰੀ ਕਾਲਜ ਚੌਤਾਂ ਕਲਾ(ਰੋਪੜ) ਦੇ ਵਿਦਿਆਰਥੀ, ਭਾਈ ਜਸਬੀਰ ਸਿੰਘ ਪੰਜਾਬ ਐਂਡ ਸਿੰਧ ਬੈਂਕ ਵਾਲੇ , ਭਾਈ ਸਤਵਿੰਦਰ ਸਿੰਘ ਬੋਦਲ ਤੇ ਉਹਨਾਂ ਦੇ ਸਾਥੀ ਜਥੇ ਨੇ ਗੁਰਬਾਣੀ ਦਾ ਰਸ ਭਿੰਨਾ ਕੀਰਤਨ ਕਰਕੇ ਪੰਡਾਲ ਵਿੱਚ ਬੈਠੀਆਂ ਸੰਗਤਾਂ ਨੂੰ ਨਿਹਾਲ ਕੀਤਾ। ਇਸ ਉਪਰੰਤ ਸਿੰਘਾਪੁਰ ਨਿਵਾਸੀ ਅਮਰਦੀਪ ਸਿੰਘ ਅਤੇ ਉਹਨਾਂ ਦੀ ਧਰਮ ਪਤਨੀ ਵਿਨਿੰਦਰ ਕੌਰ ਵੱਲੋਂ ਗੁਰੂ ਨਾਨਕ ਦੇਵ ਜੀ ਉੱਪਰ ਬਣੀਆਂ ਅਨੋਖੀਆਂ ਦਸਤਾਵੇਜ਼ੀ ਫਿਲਮਾਂ ਨੂੰ ਤਿਆਰ ਕਰਕੇ ਸੰਗਤਾਂ ਨੂੰ ਸਮਰਪਿਤ ਕਰਨ ਲਈ ਦਿੱਤੇ ਯੋਗਦਾਨ ਲਈ ਪਿੰਗਲਵਾੜਾ ਸੰਸਥਾ ਵੱਲੋਂ ਭਗਤ ਪੂਰਨ ਸਿੰਘ ਮਾਨਵ ਸੇਵਾ ਐਵਾਰਡ ਨਾਲ ਸਨਮਾਨਤ ਕੀਤਾ ਗਿਆ। ਜ਼ਿਕਰਯੋਗ ਹੈ ਕਿ ਸ੍ਰੀ ਗੁਰੂ ਨਾਨਕ ਦੇਵ ਜੀ ਜਿਨ੍ਹਾਂ ਰਾਹਾਂ ਤੇ ਆਪਣੇ ਜੀਵਨ ਵਿੱਚ ਚੱਲੇ,ਉਹਨਾਂ ਨੂੰ ਕਈ ਮੁਲਕਾਂ ਵਿੱਚ ਜਾ ਕੇ ਉਹਨਾਂ ਥਾਵਾਂ ਦੀ ਦਸਤਾਵੇਜ਼ੀ ਫਿਲਮ ਬਣਾਈ ਜੋ ਕਿ ਗੁਰੂ ਨਾਨਕ ਸਾਹਿਬ ਜੀ ਦੇ ਦੁਨੀਆਂ ਨੂੰ ਹੋਰ ਨਜ਼ਦੀਕੀ ਨਾਲ ਦਰਸ਼ਨ ਕਰਾਉਂਦੀ ਹੈ। ਇਸ ਮੌਕੇ ਸ. ਅਮਰਦੀਪ ਸਿੰਘ ਜੀ ਦੀ ਬੇਟੀ ਦਾਤੀ ਕੌਰ ਵੱਲੋਂ ਆਪਣੇ ਹੱਥੀ ਬਣਾਈ ਪੇਂਟਿੰਗ ਡਾ. ਇੰਦਰਜੀਤ ਕੌਰ ਨੂੰ ਤੋਹਫ਼ੇ ਵਜੋਂ ਭੇਂਟ ਕੀਤੀ ਗਈ।

ਇਸ ਮੌਕੇ ਜਸਪ੍ਰੀਤ ਸਿੰਘ ਸਮੁੰਦਰੀ, ਅਮਰਦੀਪ ਸਿੰਘ ਵੱਲੋਂ ਤਿਆਰ ਦਸਤਾਵੇਜ਼ੀ ਵਿੱਚ ਸੰਗੀਤ ਦੀ ਸੇਵਾ ਨਿਭਾਉਣ ਵਾਲੇ ਭਾਈ ਸਤਵਿੰਦਰ ਸਿੰਘ ਬੋਦਲ ਅਤੇ ਮਹਾਂਵੀਰ ਸਿੰਘ ਨੂੰ ਵੀ ਸਨਮਾਨਿਤ ਕੀਤਾ ਗਿਆ। ਇਸ ਮੌਕੇ ਖੇਤੀਬਾੜੀ ਮਾਮਲਿਆਂ ਦੇ ਮਾਹਿਰ ਅਤੇ ਉੱਘੇ ਲੇਖਕ ਦਵਿੰਦਰ ਸ਼ਰਮਾ ਦੇ ਲੇਖਾਂ ਨੂੰ ਇਕੱਤਰ ਕਰਕੇ ਕਿਤਾਬ ਦੇ ਰੂਪ ਵਿੱਚ ਪਿੰਗਲਵਾੜਾ ਸੰਸਥਾ ਵੱਲੋਂ ਪੁਸਤਕ 'ਗਰਾਊਂਡ ਰੀਐਲਟੀ' ਵੀ ਲੋਕ ਅਰਪਣ ਕੀਤੀ ਗਈ।

ਦਵਿੰਦਰ ਸ਼ਰਮਾ ਜੀ ਨੇ ਕਿਸਾਨਾਂ ਦੇ ਹੱਕ ਵਿੱਚ ਗੱਲ ਕਰਦੇ ਹੋਏ ਕਿਹਾ ਕਿ ਕਿਸਾਨਾਂ ਨੂੰ ਉਹਨਾਂ ਦੀ ਉਪਜ ਦਾ ਸਹੀ ਮੁੱਲ ਮਿਲਣਾ ਚਾਹੀਦਾ ਹੈ। ਇਹ ਬਹੁਤ ਲੰਬੀ ਲੜਾਈ ਹੈ। ਕੈਬਨਿਟ ਮੰਤਰੀ ਲਾਲ ਚੰਦ ਕਟਾਰੂਚੱਕ ਨੇ ਆਪਣੇ ਸੰਬੋਧਨ ਵਿੱਚ ਕਿਹਾ ਕਿ ਭਗਤ ਪੂਰਨ ਸਿੰਘ ਵਰਗੀ ਸਖਸ਼ੀਅਤ ਨੇ ਲੋਕਾਂ ਦੀ ਪੀੜ੍ਹ ਨੂੰ ਆਪਣੀ ਪੀੜ੍ਹ ਮੰਨਿਆ ਅਤੇ ਮਨੁੱਖਤਾ ਤੇ ਲਾਵਾਰਾਸਾਂ ਦੀ ਸੇਵਾ ਲਈ ਪੂਰਾ ਜੀਵਨ ਅਰਪਣ ਕਰ ਦਿੱਤਾ।ਉਹਨਾਂ ਨੇ ਪਿੰਗਲਵਾੜਾ ਸੰਸਥਾ ਨੂੰ ਆਪਣੇ ਅਖਤਿਆਰੀ ਫੰਡ ਵਿੱਚੋਂ 5 ਲੱਖ ਰੁਪਏ ਦੇਣ ਦਾ ਐਲਾਨ ਕੀਤਾ।

# 24x7 ਮੁਫਤ ਐਂਬੂਲੈਂਸ ਸਹਾਇਤਾ ਸੇਵਾ ਸ਼ੁਰੂ ਕੀਤੀ




**• ਬਠਿੰਡਾ**

ਮੈਕਸ ਹਸਪਤਾਲ ਬਠਿੰਡਾ ਨੇ ਆਪਣੀ ਮੁਫ਼ਤ ਐਂਬੂਲੈਂਸ ਸਹਾਇਤਾ ਸੇਵਾ ਸ਼ੁਰੂ ਕਰਨ ਦਾ ਐਲਾਨ ਕੀਤਾ। ਐਂਬੂਲੈਂਸ ਸੇਵਾ ਅਤਿ-ਆਧੁਨਿਕ ਤਕਨਾਲੋਜੀ ਨਾਲ ਲੈਸ ਹੈ ਅਤੇ ਉੱਚ ਸਿਖਲਾਈ ਪ੍ਰਾਪਤ ਡਾਕਟਰੀ ਪੇਸ਼ੇਵਰਾਂ ਦੀ ਟੀਮ ਦੁਆਰਾ ਚਲਾਈ ਜਾਂਦੀ ਹੈ, ਜੋ ਮੈਡੀਕਲ ਐਮਰਜੈਂਸੀ ਵਿੱਚ ਸਮੇਂ ਸਿਰ ਰਿਸਪਾਂਸ ਯਕੀਨੀ ਬਣਾਉਂਦੀ ਹੈ। ਹਸਪਤਾਲ ਪ੍ਰਬੰਧਨ ਨੇ ਕਿਹਾ, "ਅਸੀਂ ਹਮੇਸ਼ਾ ਉੱਚ ਪੱਧਰੀ ਮੈਡੀਕਲ ਦੇ ਸੇਵਾ ਕਰਨ ਲਈ ਸਮਰਪਿਤ ਰਹੇ ਹਾਂ। 24x7 ਐਂਬੂਲੈਂਸ ਸਹਾਇਤਾ ਸੇਵਾ ਨੂੰ ਜੋੜਨ ਨਾਲ ਸਾਨੂੰ ਹਸਪਤਾਲ ਤੋਂ ਬਾਹਰ ਸਾਡੀ ਦੇਖਭਾਲ ਦਾ ਵਿਸਥਾਰ ਕਰਨ ਅਤੇ ਫੌਰੀ ਲੋੜ ਵਾਲੇ ਲੋਕਾਂ ਨੂੰ ਸਮੇਂ ਸਿਰ ਡਾਕਟਰੀ ਸਹਾਇਤਾ ਪ੍ਰਦਾਨ ਕਰਨ ਦੀ ਇਜਾਜ਼ਤ ਮਿਲੇਗੀ। ਐਂਬੂਲੈਂਸ ਸਹਾਇਤਾ ਸੇਵਾ ਦਾ ਫ਼ੋਨ ਨੰਬਰ 0164-5212039 ਹੈ।

## 6 ਗਰਾਮ ਹੀਰੋਇੰਨ ਸਮੇਤ ਅਰੋਪੀ ਗ੍ਰਿਫਤਾਰ : ਨਾਰਕੋਟਿਕ

**• ਸਹੀਦ ਭਗਤ ਸਿੰਘ ਨਗਰ**

ਇਹ ਮੁਕੱਦਮਾ ਵਲੋ 9 ਅਰਮਜੀਤ ਨਾਰਕੋਟਕ ਸੈਲ ਨਵਾਸ਼ਹਿਰ ਨੇ ਦਰਜ ਰਜਿਸਟਰ ਕਰਾਇਆ ਕਿ ਉਹ ਸਮੇਤ ਪੁਲਿਸ ਪਾਰਟੀ ਦੇ ਗਸਤ ਬਾ ਚੈਕਿਗ ਸ਼ੱਕੀ ਪੁਰਸ਼ਾ ਦੇ ਸਬੰਧ ਵਿੱਚ ਨਵਾਸ਼ਹਿਰ ਤੋ ਬੰਗਾ ਹੁੰਦੇ ਹੋਏ ਮਾਹਿਲ ਗਹਿਲਾ ਨੂੰ ਜਾ ਰਹੇ ਸੀ ਜਦੋ ਉਹ ਪਿੰਡ ਮਾਹਿਲ ਗਹਿਲਾ ਤੋ 100 ਗਜ ਪਿਛੇ ਸੀ ਤਾ ਸੂਆ ਪੁਲੀ ਕੋਲ ਇੱਕ ਮੋਨਾ ਨੋਜਵਾਨ ਬੈਠਾ ਸੀ ਜੋ ਜਿਸ ਵਲੋ ਪੁਲਸ ਪਾਰਟੀ ਨੂੰ ਦੇਖ ਕਿ ਹੱਥ ਵਿੱਚ ਫੜਿਆ ਲਿਫਾਫਾ ਸੁੱਟ ਦਿਤਾ ਜਿਸ ਵਿੱਚ ਕੋਈ ਨਸ਼ੀਲਾ ਪਦਾਰਥ ਹੋਣ ਤੇ ਸਮਰੱਖ ਅਧੀਕਾਰੀ ਨਾ ਹੋਣ ਤੇ ਮੋਕਾ ਤੇ ਸਮਰੱਥ ਅਧਿਕਾਰੀ ਭੇਜਣ ਲਈ ਥਾਣਾ ਨੋਟ ਕਰਾਇਆ ਜਿਸਤੇ ਸ਼ੀ ਮਨਜੀਤ ਸਿੰਘ ਨੇ ਮੋਕਾ ਤੇ ਪੁੱਜ ਕਿ ਦੋਸ਼ੀ ਪਾਸ 6 ਗਰਾਮ ਹੈਰੋਇਨ ਬਰਾਮਦ ਕੀਤੀ ਅਤੇ ਮੁਕੱਦਮਾ ਦਰਜ ਰਜਿਸਟਰ ਕੀਤਾ ।

# ਸ਼੍ਰੀ ਸ਼ਾਦੀ ਲਾਲ ਆਂਗਰਾ ਮੈਮੋਰੀਅਲ ਸੁਸਾਇਟੀ ਵੱਲੋਂ ਖ਼ੂਨਦਾਨ ਕੈਂਪ ਦਾ ਆਯੋਜਨ






■ ਸਵਾਮੀ ਕਿਰਪਾਲਾ ਨੰਦ ਜੀ ਨੇ ਖ਼ੂਨਦਾਨ ਕੈਂਪ ਦਾ ਕੀਤਾ ਉਦਘਾਟਨ
■ ਖ਼ੂਨਦਾਨ ਕੈਂਪ ਦੌਰਾਨ 182 ਯੂਨਿਟ ਖ਼ੂਨ ਕੀਤਾ ਇਕੱਤਰ

**• ਸ੍ਰੀ ਅਨੰਦਪੁਰ ਸਾਹਿਬ/ਦਵਿੰਦਰਪਾਲ ਸਿੰਘ**

ਸ਼੍ਰੀ ਸ਼ਾਦੀ ਲਾਲ ਆਂਗਰਾ ਮੈਮੋਰੀਅਲ ਸੁਸਾਇਟੀ ਵੱਲੋਂ ਸਾਬਕਾ ਆਈਜੀ ਪੰਜਾਬ ਪੁਲਿਸ ਲੋਕ ਨਾਥ ਆਂਗਰਾ ਅਤੇ ਸਾਬਕਾ ਏਡੀਸੀ ਐਸ ਪੀ ਆਂਗਰਾ ਦੇ ਸਵਰਗੀ ਪਿਤਾ ਸ਼੍ਰੀ ਸ਼ਾਦੀ ਲਾਲ ਆਂਗਰਾ ਦੀ ਯਾਦ ਵਿੱਚ ਸਲਾਨਾ ਖ਼ੂਨਦਾਨ ਕੈਂਪ ਭਾਈ ਜੈਤਾ ਜੀ ਸਿਵਲ ਹਸਪਤਾਲ ਸ੍ਰੀ ਅਨੰਦਪੁਰ ਸਾਹਿਬ ਵਿਖੇ ਲਗਾਇਆ ਗਿਆ। ਜਿਸਦਾ ਉਦਘਾਟਨ ਸਵਾਮੀ ਕਿਰਪਾਲਾ ਨੰਦ ਜੀ ਵੱਲੋਂ ਕੀਤਾ ਗਿਆ। ਇਸ ਖ਼ੂਨਦਾਨ ਕੈਂਪ ਵਿਚ ਭਾਈ ਜੈਤਾ ਜੀ ਸਿਵਲ ਹਸਪਤਾਲ ਸ੍ਰੀ ਅਨੰਦਪੁਰ ਸਾਹਿਬ ਦੀ ਬਲੱਡ ਬੈਂਕ ਟੀਮ ਵੱਲੋਂ ਬਖਤਾਵਰ ਸਿੰਘ ਰਾਣਾ ਦੀ ਅਗਵਾਈ ਵਿੱਚ 182 ਯੂਨਿਟ ਖ਼ੂਨ ਇਕੱਤਰ ਕੀਤਾ ਗਿਆ। ਇਸ ਕੈਂਪ ਵਿਚ ਯੋਗ ਗੁਰੂ ਸਵਾਮੀ ਸ਼ਰਧਾ ਨੰਦ ਜੀ, ਜਿਲ੍ਹਾ ਯੋਜਨਾ ਬੋਰਡ ਦੇ ਚੇਅਰਮੈਨ ਹਰਮਿੰਦਰ ਸਿੰਘ ਢਾਹੇ, ਆਪ ਆਗੂ ਡਾ .ਸੰਜੀਵ ਗੌਤਮ ਆਦਿ ਵੀ ਉਚੇਚੇ ਤੌਰ ਤੇ ਸ਼ਾਮਲ ਹੋਏ। ਸਾਬਕਾ ਆਈ ਜੀ ਲੋਕਨਾਥ ਆਂਗਰਾ ਸਮੇਤ ਇਲਾਕੇ ਦੇ ਪਤਵੰਤਿਆਂ ਵੱਲੋਂ ਖ਼ੂਨਦਾਨੀਆਂ ਨੂੰ ਸਰਟੀਫਿਕੇਟ ਅਤੇ ਯਾਦਗਾਰੀ ਚਿੰਨ੍ਹ ਭੇਂਟ ਕਰਕੇ ਸਨਮਾਨਿਤ ਵੀ ਕੀਤਾ ਗਿਆ।ਇਸ ਮੌਕੇ ਸਮਾਜ ਸੇਵੀ ਕੇ ਕੇ ਬੇਦੀ, ਰਾਜਪਾਲ ਆਂਗਰਾ, ਐਸ ਐਮ ਓ ਡਾ. ਚਰਨਜੀਤ ਕੁਮਾਰ, ਡਾ .ਰਣਬੀਰ ਸਿੰਘ, ਉੱਘੇ ਸਮਾਜ ਸੇਵੀ ਦਵਿੰਦਰ ਕੌਸ਼ਲ, ਮਹੰਤ ਬਚਨ ਦਾਸ, ਕਿਸਾਨ ਆਗੂ ਜੈਮਲ ਸਿੰਘ ਭੜੀ, ਵਪਾਰ ਮੰਡਲ ਪ੍ਰਧਾਨ ਪ੍ਰਿਤਪਾਲ ਸਿੰਘ ਗੰਡਾ, ਵਪਾਰ ਮੰਡਲ ਆਪ ਸ੍ਰੀ ਅਨੰਦਪੁਰ ਸਾਹਿਬ ਪ੍ਰਧਾਨ ਦੀਪਕ ਆਂਗਰਾ, ਦਵਿੰਦਰ ਸਿੰਘ ਛਿੰਦੂ, ਅਨੂਰਤ ਸ਼ਰਮਾ, ਠੇਕੇਦਾਰ ਗੁਰਨਾਮ ਸਿੰਘ, ਹਰੀਓਮ ਨਰਗਿਸ, ਪਰਦੀਪ ਸੋਨੀ, ਸ਼ਿਵਨਾਥ ਆਂਗਰਾ, ਚਿਰਾਗ ਆਂਗਰਾ, ਅਕਸ਼ਿਤ ਆਂਗਰਾ ਆਦਿ ਹਾਜ਼ਰ ਸਨ।

# ਸਰਕਾਰੀ ਕੰਨਿਆ ਸੀਨੀਅਰ ਸੈਕੰਡਰੀ ਸਕੂਲ ਵਿਖੇ ਰਵਾਇਤੀ ਢੰਗ ਨਾਲ ਮਨਾਇਆ ਤੀਆਂ ਦਾ ਤਿਓਹਾਰ

## ਧੀਆਂ ਨੂੰ ਪੰਜਾਬੀ ਸੱਭਿਆਚਾਰ ਨਾਲ ਜੋੜਨ 'ਚ ਤੀਆਂ ਦੇ ਤਿਓਹਾਰ ਦੀ ਅਹਿਮ ਭੂਮਿਕਾ : ਪ੍ਰਿੰ.ਨੀਰਜ ਸ਼ਰਮਾ





• **ਸ੍ਰੀ ਅਨੰਦਪੁਰ ਸਾਹਿਬ/ਦਵਿੰਦਰਪਾਲ ਸਿੰਘ**

ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਵੱਲੋਂ ਪੰਜਾਬ ਅੰਦਰ ਸੱਭਿਆਚਾਰਕ ਸਾਂਝ ਨੂੰ ਮੁੜ ਤੋਂ ਸੁਰਜੀਤ ਕਰਨ ਦੇ ਲਈ ਜਿੱਥੇ ਸੂਬੇ ਦੇ ਹਰ ਜ਼ਿਲ੍ਹੇ ਵਿੱਚ ਮਨਾਏ ਜਾਣ ਵਾਲੇ ਮੇਲਿਆਂ ਤੇ ਤਿਓਹਾਰਾਂ ਨੂੰ ਸੂਬਾ ਪੱਧਰ 'ਤੇ ਮਨਾਉਣ ਦਾ ਫੈਸਲਾ ਕੀਤਾ ਗਿਆ ਹੈ ਉੱਥੇ ਹੀ ਅੱਜ ਸਰਕਾਰੀ ਕੰਨਿਆ ਸੀਨੀਅਰ ਸੈਕੰਡਰੀ ਸਕੂਲ ਸ੍ਰੀ ਅਨੰਦਪੁਰ ਸਾਹਿਬ ਵਿਖੇ ਰਵਾਇਤੀ ਢੰਗ ਦੇ ਨਾਲ ਤੀਆਂ ਦਾ ਤਿਓਹਾਰ ਮਨਾਇਆ ਗਿਆ। ਇਸ ਮੌਕੇ ਪ੍ਰਿੰਸੀਪਲ ਨੀਰਜ ਸ਼ਰਮਾ ਨੇ ਕਿਹਾ ਕਿ ਇਹ ਬਹੁਤ ਹੀ ਮਾਣ ਵਾਲੀ ਗੱਲ ਹੈ ਕਿ ਸੈਂਕੜੇ ਵਿਦਿਆਰਥਣਾਂ ਵਾਲੇ ਇਸ ਸਰਕਾਰੀ ਕੰਨਿਆ ਸਕੂਲ ਵਿਖੇ ਤੀਆਂ ਦਾ ਤਿਓਹਾਰ ਮਨਾਇਆ ਜਾ ਰਿਹਾ ਹੈ।ਉਨ੍ਹਾਂ ਵਿਦਿਆਰਥਣਾਂ ਨੂੰ ਕਿਹਾ ਕਿ ਅਜਿਹੇ ਤਿਓਹਾਰ ਧੀਆਂ ਨੂੰ ਪੰਜਾਬੀ ਸੱਭਿਆਚਾਰ ਦੀ ਅਸਲ ਜਾਂਚ ਸਿਖਾਉਣ ਵਿੱਚ ਬਹੁਤ ਹੀ ਸਹਾਇਕ ਹੁੰਦੇ ਹਨ। ਇਹੀ ਨਹੀਂ ਸਕੂਲ ਪੱਧਰ 'ਤੇ ਇਨ੍ਹਾਂ ਤਿਓਹਾਰਾਂ ਨੂੰ ਮਨਾਉਣ ਨਾਲ ਤੁਸੀਂ ਸਾਰੇ ਪੰਜਾਬੀ ਵਿਰਸੇ ਤੋਂ ਜਾਣੂੰ ਹੁੰਦੇ ਹੋ ਜੋ ਕਿ ਤੁਹਾਨੂੰ ਜੀਵਨ ਵਿੱਚ ਪੰਜਾਬੀ ਸੱਭਿਆਚਾਰ ਦਾ ਅਨਿੱਖੜਵਾਂ ਅੰਗ ਬਣੇ ਰਹਿਣ ਵਿੱਚ ਮੱਦਦ ਕਰਦਾ ਹੈ ਤੇ ਵਿਰਸੇ ਨਾਲ ਜੋੜੇ ਰੱਖਦਾ ਹੈ।

ਇਸ ਮੌਕੇ ਸਕੂਲੀ ਵਿਦਿਆਰਥਣਾਂ ਵੱਲੋਂ ਸਕੂਲ ਵਿੱਚ ਪਾਈਆਂ ਪੀਘਾਂ ਝੂਟ ਕੇ ਅਤੇ ਸੱਭਿਆਚਾਰਕ ਪ੍ਰੋਗਰਾਮ ਪੇਸ਼ ਕਰਕੇ ਤੀਆਂ ਦਾ ਤਿਓਹਾਰ ਦੀ ਰੌਣਕ ਵਿੱਚ ਖੂਬ ਵਾਧਾ ਕੀਤਾ ਗਿਆ। ਜਦਕਿ ਅਧਿਆਪਕਾਵਾਂ ਵੱਲੋਂ ਵੀ ਸੱਭਿਆਚਾਰਕ ਰੰਗ ਦਾ ਹਿੱਸਾ ਬਣਦੇ ਹੋਏ ਗਿੱਧਾ ਪਾ ਕੇ ਸਾਉਣ ਦੀਆਂ ਤੀਆਂ ਦੇ ਰੰਗ ਵਿੱਚ ਚੋਖਾ ਵਾਧਾ ਕੀਤਾ ਗਿਆ। ਇਸ ਮੌਕੇ ਸਕੂਲ ਵਿੱਚ ਪਹੁੰਚੇ ਐਸ.ਐਮ.ਸੀ ਮੈਂਬਰਾਂ ਵੱਲੋਂ ਵੀ ਸਕੂਲੀ ਵਿਦਿਆਰਥਣਾਂ ਤੇ ਅਧਿਆਪਕਾਂ ਦੇ ਇਸ ਉਪਰਾਲੇ ਦੀ ਭਰਪੂਰ ਸ਼ਲਾਂਘਾ ਕੀਤੀ ਗਈ। ਇਸ ਮੌਕੇ ਦਇਆ ਸਿੰਘ, ਨਰੇਸ਼ ਰਾਣੀ, ਪ੍ਰਤਿਭਾ, ਸੰਗੀਤਾ ਗੇਰਾ, ਮਨਦੀਪ ਕੌਰ ਮਿਨਹਾਸ, ਅਨਾਮਿਕਾ ਸ਼ਰਮਾ, ਸੀਮਾ ਰਾਣੀ, ਪੁਨੀਤਾ ਸ਼ਰਮਾ, ਦਲਜੀਤ ਕੌਰ, ਜਸਵਿੰਦਰ ਕੌਰ, ਕਰਮਜੀਤ ਕੌਰ, ਗੁਰਪ੍ਰੀਤ ਕੌਰ, ਸੁਨੀਤਾ ਰਾਣੀ, ਪੁਸ਼ਪਾ ਦੇਵੀ, ਰੇਣੂ ਬਾਲਾ, ਮਨਜਿੰਦਰ ਕੌਰ, ਮੀਨੂੰ, ਕਵਿਤਾ, ਸੁਮਨ ਚਾਂਦਲਾਂ ਆਦਿ ਹਾਜ਼ਰ ਸਨ।

# ਫੋਟੋ ਵੋਟਰ ਸੂਚੀਆਂ ਦੀ ਵਿਸ਼ੇਸ਼ ਸਰਸਰੀ ਸੁਧਾਈ ਲਈ ਕੀਤਾ ਜਾਵੇ ਸਹਿਯੋਗ : ਡਿਪਟੀ ਕਮਿਸ਼ਨਰ




• **ਲੁਧਿਆਣਾ, (ਸੁਖਚੈਨ ਮਹਿਰਾ, ਵਰਿੰਦਰ ਪ੍ਰਕਾਸ਼ ਭਾਂਬਰੀ)**

ਡਿਪਟੀ ਕਮਿਸ਼ਨਰ-ਕਮ-ਜ਼ਿਲ੍ਹਾ ਚੋਣ ਅਫ਼ਸਰ ਸ੍ਰੀਮਤੀ ਸੁਰਭੀ ਮਲਿਕ ਵਲੋਂ ਭਾਰਤ ਚੋਣ ਕਮਿਸ਼ਨ ਦੀਆਂ ਹਦਾਇਤਾਂ ਅਨੁਸਾਰ ਯੋਗਤਾ ਨਿਰਧਾਰਿਤ ਕੀਤੇ ਜਾਣ ਤੋਂ ਬਾਅਦ ਫੋਟੋ ਵੋਟਰ ਸੂਚੀਆਂ ਦੀ ਵਿਸ਼ੇਸ਼ ਸਰਸਰੀ ਸੁਧਾਈ ਲਈ ਮਾਨਤਾ ਪ੍ਰਾਪਤ ਰਾਜਨੀਤਿਕ ਪਾਰਟੀਆਂ ਤੋਂ ਸਹਿਯੋਗ ਦੀ ਮੰਗ ਕੀਤੀ ਹੈ।ਵੱਖ-ਵੱਖ ਸਿਆਸੀ ਪਾਰਟੀਆਂ ਦੇ ਨੁਮਾਇੰਦਿਆਂ ਨਾਲ ਮੀਟਿੰਗ ਦੀ ਪ੍ਰਧਾਨਗੀ ਕਰਦਿਆਂ ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਬੂਥ ਲੈਵਲ ਅਫ਼ਸਰਾਂ (ਬੀ.ਐਲ.ਓਜ਼) ਵੱਲੋਂ ਵੋਟਰ ਸੂਚੀਆਂ ਵਿੱਚ ਨਾਮ ਸ਼ਾਮਲ ਕਰਨ ਅਤੇ ਕੱਟਣ ਲਈ 21 ਜੁਲਾਈ ਤੋਂ ਘਰ-ਘਰ ਜਾ ਕੇ ਸਰਵੇਖਣ ਸ਼ੁਰੂ ਕਰ ਦਿੱਤਾ ਗਿਆ ਹੈ ਅਤੇ 21 ਅਗਸਤ, 2023 ਨੂੰ ਇਹ ਕਾਰਜ ਮੁਕੰਮਲ ਕਰ ਲਿਆ ਜਾਵੇਗਾ। ਉਨ੍ਹਾਂ ਕਿਹਾ ਕਿ ਘਰ-ਘਰ ਗਤੀਵਿਧੀ ਵਿੱਚ, ਬੀ.ਐਲ.ਓਜ਼ ਨਾਗਰਿਕਾਂ ਤੋਂ ਇਕੱਤਰ ਕੀਤੀ ਜਾਣਕਾਰੀ/ਵੇਰਵਿਆਂ ਦੀ ਤਸਦੀਕ ਕਰਨਗੇ ਅਤੇ ਗੈਰ-ਨਾਮਾਂਕਿਤ/ਮ੍ਰਿਤਕ/ਸ਼ਿਫਟ ਹੋਏ ਵੋਟਰਾਂ ਦੀ ਜਾਣਕਾਰੀ/ਵੇਰਵੇ ਵੀ ਇਕੱਤਰ ਕੀਤੇ ਜਾਣਗੇ। ਉਨ੍ਹਾਂ ਵੋਟਰ ਸੂਚੀਆਂ ਵਿਚਲੀਆਂ ਸਾਰੀਆਂ ਐਂਟਰੀਆਂ ਦੀ ਤਸਦੀਕ ਕਰਨ ਲਈ ਸਰਵੇਖਣ ਬਾਰੇ ਵੀ ਜਾਣਕਾਰੀ ਦਿੱਤੀ। ਉਨ੍ਹਾਂ ਵੋਟਰ ਸੂਚੀਆਂ ਨੂੰ ਪੂਰੀ ਤਰ੍ਹਾਂ ਦਰੁਸਤ ਅਤੇ ਸਮਾਵੇਸ਼ੀ ਬਣਾਉਣ ਲਈ ਸਹੀ ਜਾਣਕਾਰੀ ਪ੍ਰਦਾਨ ਕਰਨ ਅਤੇ ਜਨ ਜਾਗਰੂਕਤਾ ਪੈਦਾ ਕਰਨ ਲਈ ਸਹਿਯੋਗ ਦੀ ਮੰਗ ਕੀਤੀ। ਸ੍ਰੀਮਤੀ ਮਲਿਕ ਨੇ ਕਿਹਾ ਕਿ 20 ਅਗਸਤ ਤੋਂ 20 ਸਤੰਬਰ 2023 ਤੱਕ ਪੋਲਿੰਗ ਸਟੇਸ਼ਨਾਂ ਦੀ ਰੈਸ਼ਨੇਲਾਈਜ਼ੇਸ਼ਨ ਕੀਤੀ ਜਾਵੇਗੀ। ਪੋਲਿੰਗ ਸਟੇਸ਼ਨ ਦੀ ਕੱਟ ਆਫ ਲਿਮਟ 15 ਵੋਟਰ ਰੱਖੀ ਗਈ ਹੈ।

ਉਨ੍ਹਾਂ ਅੱਗੇ ਕਿਹਾ ਕਿ ਡਰਾਫਟ ਵੋਟਰ ਸੂਚੀਆਂ 17 ਅਕਤੂਬਰ ਨੂੰ ਪ੍ਰਕਾਸ਼ਿਤ ਕੀਤੀਆਂ ਜਾਣਗੀਆਂ। ਦਾਅਵੇ ਅਤੇ ਇਤਰਾਜ਼ 17 ਅਕਤੂਬਰ ਤੋਂ 30 ਨਵੰਬਰ, 2023 ਤੱਕ ਦਾਇਰ ਕੀਤੇ ਜਾ ਸਕਦੇ ਹਨ ਅਤੇ ਵੋਟਰ ਸੂਚੀ ਦੀ ਅੰਤਿਮ ਪ੍ਰਕਾਸ਼ਨਾ 5 ਜਨਵਰੀ, 2024 ਨੂੰ ਕੀਤੀ ਜਾਵੇਗੀ। ਡਿਪਟੀ ਕਮਿਸ਼ਨਰ ਸ੍ਰੀਮਤੀ ਸੁਰਭੀ ਮਲਿਕ ਨੇ ਕਿਹਾ ਕਿ ਜ਼ਿਲ੍ਹਾ ਪ੍ਰਸ਼ਾਸਨ ਨਾਗਰਿਕਾਂ ਨੂੰ ਉਤਸਾਹਿਤ ਕਰਦਿਆਂ ਅੱਗੇ ਆਉਣ ਲਈ ਸੰਵੇਦਨਸ਼ੀਲ ਗਤੀਵਿਧੀਆਂ ਵੀ ਸ਼ੁਰੂ ਕਰੇਗਾ ਜਿਸਦੇ ਤਹਿਤ ਭਾਰਤੀ ਪਾਸਪੋਰਟ, ਡਰਾਈਵਿੰਗ ਲਾਇਸੈਂਸ, ਆਧਾਰ, ਰਾਸ਼ਨ ਕਾਰਡ, ਜਾਂ ਕਮਿਸ਼ਨ ਦੁਆਰਾ ਪ੍ਰਵਾਨਿਤ ਹੋਰ ਦਸਤਾਵੇਜ਼ਾਂ ਸਮੇਤ ਦਸਤਾਵੇਜ਼ਾਂ ਵਿੱਚੋਂ ਇੱਕ ਦੀ ਕਾਪੀ ਦੇ ਕੇ ਮੌਜੂਦਾ ਵੋਟਰਾਂ ਦੇ ਵੇਰਵਿਆਂ ਨੂੰ ਪ੍ਰਮਾਣਿਤ ਕੀਤਾ ਜਾਵੇਗਾ।

## ਮਿੰਨੀ ਕਹਾਣੀ

# ਬੇਨਾਮ ਰਿਸ਼ਤਾ



**ਪ੍ਰੋ. ਨਵ ਸੰਗੀਤ ਸਿੰਘ**

**ਕੁਝ** ਦਿਨ ਪਹਿਲਾਂ ਪਰਿਵਾਰ ਸਮੇਤ ਦੂਜੇ ਸ਼ਹਿਰ ਇੱਕ ਵਿਆਹ ਸਮਾਗਮ ਤੇ ਜਾਣ ਦਾ ਮੌਕਾ ਮਿਲਿਆ। ਮੈਂ ਅਕਸਰ ਅਜਿਹੇ ਸਮਾਗਮਾਂ ਤੇ ਘੱਟ-ਵੱਧ ਹੀ ਜਾਂਦਾ ਹਾਂ। ਕਿਉਂਕਿ ਨਾ ਮੈਨੂੰ ਖਾਣ- ਪੀਣ ਦਾ ਸ਼ੌਕ ਹੈ ਨਾ ਮਨੋਰੰਜਨ ਦਾ। ਪਰ ਸੰਬੰਧੀ ਹੀ ਅਜਿਹੇ ਸਨ ਕਿ ਨਾ ਚਾਹੁੰਦਿਆਂ ਵੀ ਜਾਣਾ ਪਿਆ। ਓਥੇ ਮੇਰੇ ਬਹੁਤ ਸਾਰੇ ਜਾਣਕਾਰ, ਦੋਸਤ ਤੇ ਰਿਸ਼ਤੇਦਾਰ ਵੀ ਪਹੁੰਚੇ ਹੋਏ ਸਨ, ਜਿਨ੍ਹਾਂ ਨਾਲ ਮੇਰੀ ਮੁਲਾਕਾਤ ਅਕਸਰ ਖੁਸ਼ੀ-ਗਮੀ ਦੇ ਮੌਕਿਆਂ ਤੇ ਹੀ ਹੁੰਦੀ ਹੈ। ਖੈਰ, ਚਾਹ-ਪਾਣੀ ਪੀ ਕੇ ਮੈਂ ਖੁੱਲ੍ਹੇ ਪੰਡਾਲ ਵਿੱਚ ਆ ਬੈਠਾ। ਬੇਟੀ ਤੇ ਪਤਨੀ ਅੰਦਰ ਹਾਲ ਵਿੱਚ ਸ਼ਗਨ ਦੇਣ ਤੇ ਗੀਤ-ਸੰਗੀਤ ਸੁਣਨ ਚਲੀਆਂ ਗਈਆਂ। ਜਿੱਥੇ ਮੈਂ ਬੈਠਾ ਸਾਂ, ਇੱਕ ਬਜ਼ੁਰਗ ਵੀ ਮੇਰੇ ਕੋਲ ਆ ਕੇ ਬਹਿ ਗਏ।ਉਨ੍ਹਾਂ ਨੇ ਹੀ ਗੱਲਬਾਤ ਦਾ ਸਿਲਸਿਲਾ ਤੋਰਿਆ।ਗੱਲਾਂ-ਗੱਲਾਂ ਵਿੱਚ ਉਨ੍ਹਾਂ ਨੇ ਮੈਥੋਂ ਕਈ ਕੁਝ ਜਾਣ ਲਿਆ।ਇੰਨੇ ਨੂੰ ਮੇਰੀ ਬੇਟੀ ਤੇ ਪਤਨੀ ਵੀ ਸ਼ਗਨ ਦਾ ਕੰਮ ਮੁਕਾ ਕੇ ਮੇਰੇ ਕੋਲ ਪੰਡਾਲ ਵਿੱਚ ਆ ਗਈਆਂ ਤੇ ਅਸੀਂ ਜਾਣ ਲਈ ਉਸ ਬਜ਼ੁਰਗ ਤੋਂ ਆਗਿਆ ਮੰਗੀ। ਬਜ਼ੁਰਗ ਨੇ ਬੇਟੀ ਤੇ ਸਿਰ ਤੇ ਆਸ਼ੀਰਵਾਦ ਦਿੰਦਿਆਂ ਪਿਆਰ ਵਜੋਂ ਦੋ ਹਜ਼ਾਰ ਰੁਪਏ ਦੇਣੇ ਚਾਹੇ। ਅਸੀਂ ਬਹੁਤ ਨਾਂਹ-ਨੁੱਕਰ ਕੀਤੀ ਤਾਂ ਉਨ੍ਹਾਂ ਨੇ ਦੱਸਿਆ ਕਿ ਮੈਂ ਤੁਹਾਡੇ ਪਿਤਾ ਜੀ ਤੋਂ ਪੜ੍ਹਦਾ ਰਿਹਾ ਹਾਂ ਤੇ ਇੱਕ ਤਰ੍ਹਾਂ ਨਾਲ ਉਨ੍ਹਾਂ ਦਾ ਪਹਿਲਾ ਵਿਦਿਆਰਥੀ ਹਾਂ। ਮੈਂ ਤੁਹਾਡੀ ਬੇਟੀ ਨੂੰ ਵੱਡੇ ਤਾਏ ਵਜੋਂ ਇਹ ਤੁੱਛ ਭੇਟਾ ਦੇ ਰਿਹਾ ਹਾਂ। ਮੈਨੂੰ ਯਾਦ ਆਇਆ ਕਿ ਬੇਟੀ ਦੇ ਅਸਲ ਤਾਇਆਂ ਨੇ ਤਾਂ ਸਾਡੇ ਨਾਲ ਚੱਜ ਨਾਲ ਗੱਲ ਵੀ ਨਹੀਂ ਕੀਤੀ ਤੇ ਇੱਕ ਇਹ ਆਦਮੀ ਹੈ, ਜੋ ਮੇਰਾ ਕੁਝ ਵੀ ਨਹੀਂ ਲੱਗਦਾ ਤੇ ਇੰਨਾ ਮਾਣ-ਸਨਮਾਨ ਦੇ ਰਿਹਾ ਹੈ...।

**# ਅਕਾਲ ਯੂਨੀਵਰਸਿਟੀ**
**ਤਲਵੰਡੀ ਸਾਬੋ**-151302 (**ਬਠਿੰਡਾ**)
9417692015.

# ਆਸਰਾ ਫਾਊਂਡੇਸ਼ਨ ਨੇ ਲੱਤਾਂ ਦੀ ਬੀਮਾਰੀ ਤੋਂ ਪੀੜਤ ਵਿਅਕਤੀ ਦੀ ਕੀਤੀ ਆਰਥਿਕ ਮਦਦ



• **ਸ੍ਰੀ ਅਨੰਦਪੁਰ ਸਾਹਿਬ/ਦਵਿੰਦਰਪਾਲ ਸਿੰਘ**

ਸ੍ਰੀ ਆਨੰਦਪੁਰ ਸਾਹਿਬ ਦੇ ਵਾਸੀ ਸ੍ਰ: ਸੁਖਵੰਤ ਸਿੰਘ ਜੋ ਕਿ ਲੱਤਾਂ ਦੀ ਬਿਮਾਰੀ ਨਾਲ ਜੂਝ ਰਹੇ ਹਨ ਉਥੇ ਹੀ ਘਰ ਦੇ ਹਾਲਾਤ ਵੀ ਕਾਫੀ ਤਰਸਯੋਗ ਹਨ। ਇਸ ਸਬੰਧੀ ਜਦੋਂ ਸਮਾਜ ਸੇਵਾ ਦੇ ਕੰਮਾਂ 'ਚ ਵੱਧ ਚੜਕੇ ਹਿੱਸਾ ਲੈਣ ਵਾਲੀ ਸੰਸਥਾ ਆਸਰਾ ਫਾਊਂਡੇਸ਼ਨ (ਰਜਿ:) ਸ੍ਰੀ ਆਨੰਦਪੁਰ ਸਾਹਿਬ ਦੇ ਮੈਂਬਰਾਂ ਨੂੰ ਪਤਾ ਲੱਗਾ ਤਾਂ ਉਹਨਾਂ ਇਸ ਲੋੜਵੰਦ ਪਰਿਵਾਰ ਦੀ ਬਾਂਹ ਫੜ ਕੇ ਸਿੱਖ ਮਿਸ਼ਨਰੀ ਕਾਲਜ ਦੇ ਪ੍ਰਿੰਸੀਪਲ ਭਾਈ ਚਰਨਜੀਤ ਸਿੰਘ ਦੇ ਸਹਿਯੋਗ ਨਾਲ ਸ੍ਰ:ਸੁਖਵੰਤ ਸਿੰਘ ਨੂੰ ਮਾਲੀ ਨਕਦ ਸਹਾਇਤਾ ਪ੍ਰਦਾਨ ਕੀਤੀ ਤਾਂ ਜੋ ਪੀੜਤ ਦਾ ਇਲਾਜ ਹੋ ਸਕੇ। ਜ਼ਿਕਰਯੋਗ ਹੈ ਕਿ ਆਸਰਾ ਫਾਊਂਡੇਸ਼ਨ ਗਰੀਬ ਲੋੜਵੰਦ ਤੇ ਬੇਸਹਾਰਾ ਪਰਿਵਾਰਾਂ ਲਈ ਪਹਿਲਾਂ ਵੀ ਵਰਦਾਨ ਸਾਬਤ ਹੁੰਦੀ ਆਈ ਹੈ ਅਨੇਕਾਂ ਲੋੜਵੰਦਾਂ ਦੀ ਮਦਦ ਕਰਕੇ ਆਪਣੀ ਜ਼ਿੰਮੇਵਾਰੀ ਬਖ਼ੂਬੀ ਨਿਭਾਉਂਦੀ ਆ ਰਹੀ ਹੈ। ਸਿੱਖ ਮਿਸ਼ਨਰੀ ਕਾਲਜ ਦੇ ਪ੍ਰਿੰਸੀਪਲ ਭਾਈ ਚਰਨਜੀਤ ਸਿੰਘ ਵੱਲੋਂ ਇਸ ਲੋੜਵੰਦ ਪਰਿਵਾਰ ਦੀ ਮੱਦਦ ਕਰਨ ਲਈ ਬੇਨਤੀ ਕੀਤੀ ਗਈ ਸੀ ਤੇ ਆਸਰਾ ਫਾਊਂਡੇਸ਼ਨ ਨੂੰ ਇਸ ਸੰਬੰਧੀ ਜਾਣਕਾਰੀ ਦਿੱਤੀ ਗਈ ਸੀ। ਇਸ ਮੌਕੇ ਉਹਨਾਂ ਵੱਧ ਤੋਂ ਵੱਧ ਸਮਾਜ ਸੇਵੀਆਂ ਨੂੰ ਅਜਿਹੇ ਲੋਕਾਂ ਦੀ ਮਦਦ ਕਰਨ ਦੀ ਬੇਨਤੀ ਵੀ ਕੀਤੀ। ਇਸ ਮੌਕੇ ਆਸਰਾ ਫਾਊਂਡੇਸ਼ਨ ਦੇ ਪ੍ਰਧਾਨ ਨਵੀਨ ਕੁਮਾਰ, ਦਵਿੰਦਰਪਾਲ ਸਿੰਘ, ਕੰਵਲਜੋਤ ਸਿੰਘ, ਮਾਸਟਰ ਸੰਜੀਵ ਧਰਮਾਣੀ, ਸਤਿੰਦਰਪਾਲ ਸਿੰਘ, ਮਾ. ਮੋਹਨ ਸਿੰਘ ਮੀਂਢਵਾਂ, ਭਾਈ ਅਪਾਰ ਸਿੰਘ ਆਦਿ ਤੋਂ ਇਲਾਵਾ ਅੰਕੁਸ਼ ਕੁਮਾਰ, ਪ੍ਰਸ਼ਾਂਤ ਵੋਹਰਾ, ਹਰਸਿਮਰਨ ਸਿੰਘ, ਇੰਦਰਪ੍ਰੀਤ ਸਿੰਘ, ਅਜੇ ਕੁਮਾਰ, ਧੀਰਜ ਘਈ, ਦ੍ਰੋਹੀਂਨ ਘਈ, ਡਾ. ਮਨਦੀਪ ਸਿੰਘ, ਕੁਲਦੀਪ ਸਿੰਘ, ਮਹਿੰਦਰਮੋਹਨ ਸਿੰਘ, ਅਮਰਦੀਪ ਸਿੰਘ ਸੰਧੂ, ਨਵਾਬ ਫ਼ੈਸਲ ਖਾਨ ਆਦਿ ਵਲੋਂ ਆਪਣਾ ਯੋਗਦਾਨ ਪਾਇਆ ਗਿਆ।

### ■ ਬਾਕੀ ਸਮਾਜਸੇਵੀ ਸੰਸਥਾਵਾਂ ਨੂੰ ਵੀ ਮਦਦ ਦੀ ਕੀਤੀ ਅਪੀਲ

## ਸ੍ਰੀ ਗੁਰੂ ਤੇਗ਼ ਬਹਾਦਰ ਖਾਲਸਾ ਕਾਲਜ ਅਨੰਦਪੁਰ ਸਾਹਿਬ ਵਿਖੇ ਕਾਰਜਕਾਰਨੀ ਦੀ ਹੰਗਾਮੀ ਮੀਟਿੰਗ ਕੀਤੀ




**• ਸ਼੍ਰੀ ਅਨੰਦਪੁਰ ਸਾਹਿਬ**

ਸ੍ਰੀ ਗੁਰੂ ਤੇਗ ਬਹਾਦਰ ਖਾਲਸਾ ਕਾਲਜ, ਸ੍ਰੀ ਅਨੰਦਪੁਰ ਸਾਹਿਬ ਵਿਖੇ 6ਵੇਂ ਤਨਖ਼ਾਹ ਕਮਿਸ਼ਨ ਦਾ ਲਾਭ ਲਾਗੂ ਨਾ ਕਰਨ ਕਰਕੇ ਉਚੇਰੀ ਸਿੱਖਿਆ ਮੰਤਰੀ ਹਰਜੋਤ ਸਿੰਘ ਬੈਂਸ ਜੀ ਦੇ ਚੋਣ ਹਲਕਾ ਸ੍ਰੀ ਅਨੰਦਪੁਰ ਸਾਹਿਬ ਜੀ ਵਿਖੇ ਇੱਕ ਧਰਨੇ ਦੀ ਯੋਜਨਾ ਬਣਾਈ ਸੀ। ਇਸ ਸਬੰਧ ਵਿਚ ਸ੍ਰੀ ਅਨੰਦਪੁਰ ਸਾਹਿਬ ਦੇ ਡੀ.ਐਸ.ਪੀ., ਪੁਲਿਸ ਸ਼੍ਰੀ ਅਜੈ ਸਿੰਘ ਅਤੇ ਤਹਿਸੀਲਦਾਰ ਦੇ ਦਫ਼ਤਰ ਤੋਂ ਪੱਤਰ ਨੰ: 1076 ਮਿਤੀ 03-06-2023 ਦੇ ਅਨੁਸਾਰ ਮਾਨਯੋਗ ਉਚੇਰੀ ਸਿੱਖਿਆ ਮੰਤਰੀ ਸ਼ ਹਰਜੋਤ ਸਿੰਘ ਬੈਂਸ ਜੀ ਨਾਲ ਪੰਜਾਬ ਭਵਨ ਚੰਡੀਗੜ੍ਹ 06-06-2023 ਨੂੰ ਸ਼ਾਮ 6.00 ਵਜੇ ਆਪਣੀਆਂ ਮੰਗਾਂ ਸਬੰਧੀ ਵਿਖੇ ਮੀਟਿੰਗ ਬੁਲਾਈ ਗਈ।ਪਰ ਉਸ ਮੀਟਿੰਗ ਨੂੰ ਵੀ ਕਾਫੀ ਸਮਾਂ ਬੀਤਣ ਬਾਅਦ ਵੀ ਕੋਈ ਕਾਰਵਾਈ ਨਹੀਂ ਹੋਈ ਸੀ। ਸ੍ਰੀ ਗੁਰੂ ਤੇਗ਼ ਬਹਾਦਰ ਖਾਲਸਾ ਕਾਲਜ ਅਨੰਦਪੁਰ ਸਾਹਿਬ ਵਿਖੇ ਕਾਰਜਕਾਰਨੀ ਦੀ ਹੰਗਾਮੀ ਮੀਟਿੰਗ ਕੀਤੀ ਗਈ ਇਸ ਵਿੱਚ ਸਰਬਸੰਮਤੀ ਨਾਲ ਫੈਸਲਾ ਕੀਤਾ ਗਿਆ ਕਿ ਸਰਕਾਰ ਨੂੰ ਝੰਜੋੜਨ ਲਈ ਮਿਤੀ 07-08-2023 ਨੂੰ ਸਿਖਿਆ ਮੰਤਰੀ ਹਰਜੋਤ ਸਿੰਘ ਬੈਂਸ ਦੇ ਵਿਧਾਨ ਸਭਾ ਹਲਕੇ ਵਿੱਚ ਧਰਨੇ ਉਪਰੰਤ ਰੋਸ ਮਾਰਚ ਕੀਤਾ ਜਾਵੇਗਾ।ਇਸ ਮੌਕੇ ਯੂਨੀਅਨ ਦੇ ਨੁਮਾਇੰਦਿਆਂ ਵਿੱਚ ਜਗਦੀਪ ਸਿੰਘ ਜਨਰਲ ਸਕੱਤਰ ਪੰਜਾਬ, ਪ੍ਰਧਾਨ ਰਾਜੀਵ ਸ਼ਰਮਾ,ਵਾਈਸ ਪ੍ਰਧਾਨ ਦੀਪਕ ਸ਼ਰਮਾ, ਸਵਿੰਦਰ ਸਿੰਘ ਗੋਲਾ ਐਡਵਾਈਜਰ, ਸ਼੍ਰੀ ਮਨੋਜ ਪਾਂਡੇ , ਅਮਰੀਕ ਸਿੰਘ ਵਾਈਸ ਪ੍ਰਧਾਨ ਪੰਜਾਬੀ ਯੂਨੀਵਰਸਿਟੀ ਵਿੰਗ, ਇੰਦਰਜੀਤ ਸਿੰਘ ਵਾਈਸ ਪ੍ਰਧਾਨ ਪੰਜਾਬ ਯੂਨੀਵਰਸਿਟੀ ਵਿੰਗ,ਸਾ ਪ੍ਰੇਮ ਸਿੰਘ ਸੁਪ੍ਰਿੰਟੈਂਡੈਂਟ ਸ੍ਰੀ ਗੁਰੂ ਤੇਗ਼ ਬਹਾਦਰ ਖਾਲਸਾ ਕਾਲਜ ਅਨੰਦਪੁਰ ਸਾਹਿਬ, ਪ੍ਰਧਾਨ ਲੋਕਲ ਇਕਾਈ ਸੋਹਣ ਸਿੰਘ ਹਰੀਵਾਲ ਅਤੇ ਤੇਜਿੰਦਰ ਸਿੰਘ ਸੀਨੀਅਰ ਲੈਕਚਰਾਰ ਸਹਾਇਕ,ਸੁਰੇਸ਼ ਕੁਮਾਰ ਖਾਲਸਾ ਕਾਲਜ ਲੁਧਿਆਣਾ, ਰਣਬੀਰ ਕੁਮਾਰ ਜੀ ਟੀ ਬੀ ਕਾਲਜ ਦਾਖਾ, ਦੀਪਕ ਸ਼ਰਮਾ, ਸਰਬਜੀਤ ਸਿੰਘ ਭੋਲਾ ਦਾਸ ਮੌਜੂਦ ਸਨ।

### ਛੇਵੇਂ ਤਨਖਾਹ ਕਮਿਸ਼ਨ ਦੀ ਮੰਗ ਨੂੰ ਲੈਕੇ

## ਪ੍ਰਾਈਵੇਟ ਕਾਲਜ ਨਾਨ ਟੀਚਿੰਗ ਇੰਪਲਾਈਜ ਯੂਨੀਅਨ ਪੰਜਾਬ ਵੱਲੋਂ ਸ੍ਰੀ ਅਨੰਦਪੁਰ ਸਾਹਿਬ ਵਿਖੇ ਧਰਨਾ ਅਤੇ ਰੋਸ ਮਾਰਚ ਅੱਜ



**• ਸ੍ਰੀ ਅਨੰਦਪੁਰ ਸਾਹਿਬ/ਦਵਿੰਦਰਪਾਲ ਸਿੰਘ**

ਪੰਜਾਬ ਸਰਕਾਰ ਦੀਆਂ ਧੱਕੇਸ਼ਾਹੀ ਵਿਰੁੱਧ ਨਾਨ ਟੀਚਿੰਗ ਯੂਨੀਅਨ ਪੰਜਾਬ (ਏਡਿਡ ਅਤੇ ਨਾਨ ਏਡਿਡ) ਵੱਲੋਂ ਪੰਜਾਬ ਸਰਕਾਰ ਵਿਰੁੱਧ ਆਰ ਪਾਰ ਦੀ ਗੱਲ ਮੁਕਾਉਣ ਲਈ ਡਟਣ ਦਾ ਪੱਕੇ ਤੌਰ ਤੇ ਮਨ ਬਣਾ ਲਿਆ ਹੈ। ਇਸ ਤਹਿਤ ਯੂਨੀਅਨ ਵੱਲੋਂ ਪਹਿਲਾਂ ਤੋਂ ਉਲੀਕੇ ਪ੍ਰੋਗਰਾਮ ਤਹਿਤ ਅੱਜ 7 ਅਗਸਤ ਨੂੰ ਪੂਰੇ ਪੰਜਾਬ ਤੋਂ ਤਕਰੀਬਨ 136 ਕਾਲਜਾਂ ਨੇ ਪੰਜਾਬ ਸਰਕਾਰ ਦੇ ਉਚੇਰੀ ਸਿੱਖਿਆ ਮੰਤਰੀ ਹਰਜੋਤ ਸਿੰਘ ਬੈਂਸ ਦੇ ਖਿਲਾਫ ਸੜਕਾਂ ਤੇ ਉਤਰਨ ਦਾ ਮਨ ਬਣਾ ਲਿਆ ਹੈ।ਇਸ ਬਾਰੇ ਜਾਣਕਾਰੀ ਦਿੰਦਿਆਂ ਲੋਕਲ ਯੂਨਿਟ ਸ੍ਰੀ ਗੁਰੂ ਤੇਗ਼ ਬਹਾਦਰ ਖਾਲਸਾ ਕਾਲਜ ਸ੍ਰੀ ਅਨੰਦਪੁਰ ਸਾਹਿਬ ਦੇ ਪ੍ਰਧਾਨ ਸ ਸੋਹਣ ਸਿੰਘ ਹਰੀਵਾਲ ਨੇ ਦੱਸਿਆ ਕਿ ਸਾਡੀ ਪੰਜਾਬ ਦੀ ਯੂਨੀਅਨ ਵੱਲੋਂ ਬਾਰ ਮਿਲ ਬੇਨਤੀਆਂ ਕੀਤੀਆਂ ਗਈਆਂ ਸਨ ਕਿ ਪੰਜਾਬ ਦੇ ਸਰਕਾਰੀ ਕਾਲਜਾਂ ਦੀ ਤਰਜ਼ ਤੇ ਸਹਾਇਤਾ ਪ੍ਰਾਪਤ ਕਾਲਜਾਂ ਦੇ ਨਾਨ ਟੀਚਿੰਗ ਸਟਾਫ਼ ਨੂੰ ਵੀ ਪੰਜਾਬ ਸਰਕਾਰ ਦੇ ਸੋਧੇ ਛੇਵੇਂ ਤਨਖਾਹ ਕਮਿਸ਼ਨ ਦੀਆਂ ਸਿਫਾਰਸ਼ਾਂ ਲਾਗੂ ਕੀਤੀਆਂ ਜਾਣ ਪਰ ਸਿੱਖਿਆ ਮੰਤਰੀ ਦੇ ਕੰਨਾਂ ਤੇ ਜੂੰ ਤੱਕ ਨਹੀਂ ਸਰਕੀ। ਇੱਥੇ ਇਹ ਵੀ ਦੱਸਣਯੋਗ ਹੈ ਕਿ ਸਾਰੇ ਲੋਕਲ ਯੂਨਿਟਾਂ ਦੇ ਸਕੱਤਰਾਂ ਵੱਲੋਂ ਮੁੱਖ ਮੰਤਰੀ ਪੰਜਾਬ ਦੀ ਸਰਕਾਰੀ ਈਮੇਲ ਤੇ ਆਪਣੀ ਮੰਗ ਨੂੰ ਲੈਕੇ ਮੇਲਾਂ ਵੀ ਕੀਤੀਆਂ ਸਨ ਜੋ ਕਿ ਮੁੱਖ ਮੰਤਰੀ ਦਫ਼ਤਰ ਵੱਲੋਂ ਇਹ ਮੇਲਾਂ ਉਚੇਰੀ ਸਿੱਖਿਆ ਸਕੱਤਰ ਨੂੰ ਫਾਰਵਰਡ ਕੀਤੀਆਂ ਸਨ।ਇਸ ਲਈ ਯੂਨੀਅਨ ਦੇ ਸੱਦੇ ਤੇ ਪਹਿਲਾਂ ਦੋ ਦਿਨ ਸੰਕੇਤਕ ਧਰਨਾ ਪ੍ਰਦਰਸ਼ਨ ਕੀਤਾ ਗਿਆ ਸੀ।ਪਹਿਲਾਂ ਦਿੱਤੇ ਪ੍ਰੋਗਰਾਮ ਤਹਿਤ ਅੱਜ ਸੋਮਵਾਰ ਨੂੰ ਸਾਰੇ ਪੰਜਾਬ ਦੇ ਸਹਾਇਤਾ ਪ੍ਰਾਪਤ ਕਾਲਜਾਂ ਦੇ ਨਾਨ ਟੀਚਿੰਗ ਸਟਾਫ਼ ਸਮੂਹਿਕ ਇਤਫਾਕੀਆ ਛੁੱਟੀ ਦੇ ਕੇ ਉਚੇਰੀ ਸਿੱਖਿਆ ਮੰਤਰੀ ਹਰਜੋਤ ਸਿੰਘ ਬੈਂਸ ਦੇ ਹਲਕੇ ਸ੍ਰੀ ਅਨੰਦਪੁਰ ਸਾਹਿਬ ਵਿਖੇ ਉਸ ਦੇ ਅਤੇ ਪੰਜਾਬ ਸਰਕਾਰ ਦੇ ਵਿਰੁੱਧ ਸਵੇਰੇ ਸਾਢੇ ਨੌਂ ਵਜੇ ਤੋਂ ਇੱਕ ਵਜੇ ਬਾਅਦ ਦੁਪਹਿਰ ਤੱਕ ਧਰਨਾ ਦੇਣ ਤੋਂ ਬਾਅਦ ਸ੍ਰੀ ਅਨੰਦਪੁਰ ਸਾਹਿਬ ਦੇ ਬਜਾਰਾਂ ਵਿੱਚ ਦੀ ਹੁੰਦਾ ਹੋਇਆ ਸਿਖਿਆ ਮੰਤਰੀ ਦਾ ਜਲੂਸ ਕੱਢਦੇ ਹੋਏ ਆਪਣੀ ਛੇਵੇਂ ਤਨਖਾਹ ਕਮਿਸ਼ਨ ਦੀ ਮੰਗ ਦੇ ਹੱਕ ਵਿੱਚ ਐਸ ਡੀ ਐਮ ਸ੍ਰੀ ਅਨੰਦਪੁਰ ਸਾਹਿਬ ਨੂੰ ਸਿੱਖਿਆ ਮੰਤਰੀ ਅਤੇ ਮੁੱਖ ਮੰਤਰੀ ਪੰਜਾਬ ਦੇ ਨਾਂ ਮੰਗ ਪੱਤਰ ਸੌਂਪਿਆ ਜਾਵੇਗਾ।ਇਸ ਮੌਕੇ ਜਗਦੀਪ ਸਿੰਘ ਜਨਰਲ ਸੈਕਟਰੀ ਪੰਜਾਬ, ਰਾਜੀਵ ਸ਼ਰਮਾ ਪ੍ਰਧਾਨ ਪੰਜਾਬ, ਪ੍ਰੇਮ ਸਿੰਘ ਸਕੱਤਰ ਸ਼ਰੀ ਅਨੰਦਪੁਰ ਸਾਹਿਬ ਇਕਾਈ ਤੇਜਿੰਦਰ ਸਿੰਘ ਮੀਡੀਆ ਇੰਚਾਰਜ,ਨਵੀਨ ਕੁਮਾਰ ਮੈਂਬਰ ਸ਼?ਰੀ ਅਨੰਦਪੁਰ ਸਾਹਿਬ ਇਕਾਈ ਆਦਿ ਹਾਜ਼ਰ ਸਨ।

# ਸ੍ਰੀ ਅਨੰਦਪੁਰ ਸਾਹਿਬ ਰੇਲਵੇ ਸਟੇਸ਼ਨ ਦੇ ਨਵ ਨਿਰਮਾਣ ਦਾ ਪ੍ਰਧਾਨ ਮੰਤਰੀ ਨੇ ਵਰਚੂਅਲ ਕਾਨਫਰੰਸ ਰਾਹੀਂ ਰੱਖਿਆ ਨੀਂਹ ਪੱਥਰ

### ਘੱਟ ਗਿਣਤੀ ਕਮਿਸ਼ਨ ਭਾਰਤ ਸਰਕਾਰ ਦੇ ਚੇਅਰਮੈਨ ਇਕਬਾਲ ਸਿੰਘ ਲਾਲਪੁਰਾ ਨੇ ਉਚੇਚੇ ਤੌਰ 'ਤੇ ਕੀਤੀ ਸ਼ਮੂਲੀਅਤ









**• ਸ੍ਰੀ ਅਨੰਦਪੁਰ ਸਾਹਿਬ/ਦਵਿੰਦਰਪਾਲ ਸਿੰਘ**

ਕੇਂਦਰ ਸਰਕਾਰ ਵੱਲੋਂ "ਅੰਮ੍ਰਿਤ ਭਾਰਤ ਸਟੇਸ਼ਨ ਸਕੀਮ" ਤਹਿਤ ਇਤਿਹਾਸਕ ਅਤੇ ਗੁਰੂ ਚਰਨ ਛੋਹ ਪ੍ਰਾਪਤ ਨਗਰੀ ਸ੍ਰੀ ਅਨੰਦਪੁਰ ਸਾਹਿਬ ਦੇ ਰੇਲਵੇ ਸਟੇਸ਼ਨ ਨੂੰ ਕਰੀਬ 24 ਕਰੋੜ ਰੁਪਏ ਦੀ ਲਾਗਤ ਨਾਲ ਵਿਸ਼ਵ ਪੱਧਰੀ ਵਿਰਾਸਤੀ ਦਿੱਖ ਦਿੱਤੀ ਜਾਵੇਗੀ। ਜਿਸ ਦੀ ਸ਼ੁਰੂਆਤ ਅੱਜ ਭਾਰਤ ਦੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਵੱਲੋਂ ਵੀਡੀਓ ਕਾਨਫਰੰਸਿੰਗ ਰਾਹੀਂ ਕੀਤੀ ਗਈ ।ਰੇਲਵੇ ਵਿਭਾਗ ਵੱਲੋਂ ਅੱਜ ਸਥਾਨਕ ਰੇਲਵੇ ਸਟੇਸ਼ਨ 'ਤੇ ਕਰਵਾਏ ਸਮਾਗਮ 'ਚ ਘੱਟ ਗਿਣਤੀ ਕਮਿਸ਼ਨ ਭਾਰਤ ਸਰਕਾਰ ਦੇ ਚੇਅਰਮੈਨ ਸ. ਇਕਬਾਲ ਸਿੰਘ ਲਾਲਪੁਰਾ ਨੇ ਉਚੇਚੇ ਤੌਰ 'ਤੇ ਸ਼ਮੂਲੀਅਤ ਕੀਤੀ । ਇਸ ਮੌਕੇ ਸ. ਲਾਲਪੁਰਾ ਨੇ ਸਮਾਗਮ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਜਦੋਂ ਜਦੋਂ ਵੀ ਦੇਸ਼ 'ਚ ਭਾਜਪਾ ਦੀ ਅਗਵਾਈ ਵਾਲੀ ਸਰਕਾਰ ਬਣੀ । ਉਸ ਨੇ ਇਸ ਨਗਰੀ ਦੀ ਉਚੇਚੇ ਤੌਰ 'ਤੇ ਸੇਵਾ ਕੀਤੀ ਹੈ । ਉਹ ਭਾਵੇਂ ਅਟਲ ਬਿਹਾਰੀ ਵਾਜਪਾਈ ਦੀ ਸਰਕਾਰ ਹੋਵੇ ਜਾਂ ਨਰਿੰਦਰ ਮੋਦੀ ਦੀ । ਉਨ੍ਹਾਂ ਕਿਹਾ ਕਿ ਇਹ ਪਾਵਨ ਨਗਰੀ ਦੇਸ਼ ਲਈ ਚਾਨਣ ਮੁਨਾਰਾ ਹੈ। ਉਨ੍ਹਾਂ ਕਿਹਾ ਕਿ ਕਰੀਬ 24 ਕਰੋੜ ਰੁਪਏ ਦੀ ਲਾਗਤ ਨਾਲ ਇਸ ਸਟੇਸ਼ਨ ਦਾ ਨਵ ਨਿਰਮਾਣ ਕੀਤਾ ਜਾਵੇਗਾ । ਇਸ ਤੋਂ ਪਹਿਲਾਂ ਇਸ ਪ੍ਰੋਜੈਕਟ ਸਬੰਧੀ ਜਾਣਕਾਰੀ ਦਿੰਦਿਆਂ ਪ੍ਰੋਜੈਕਟ ਦੇ ਨੋਡਲ ਅਫਸਰ ਸੁਖਦੇਵ ਸਿੰਘ ਨੇ ਮੁੱਖ ਮਹਿਮਾਨ ਅਤੇ ਨੀਂਹ ਪੱਥਰ ਰੱਖ ਸਮਾਗਮ 'ਚ ਆਏ ਇਲਾਕਾ ਨਿਵਾਸੀਆਂ ਨੂੰ ਜੀ ਆਇਆ ਕਹਿੰਦਿਆਂ ਕਿਹਾ ਕਿ ਕੇਂਦਰ ਸਰਕਾਰ ਅਤੇ ਰੇਲਵੇ ਵਿਭਾਗ ਵੱਲੋਂ ਇਸ ਰੇਲਵੇ ਸਟੇਸ਼ਨ ਨੂੰ ਇਥੋਂ ਦੇ ਇਤਿਹਾਸ ਅਨੁਸਾਰ ਨਵੀਂ ਦਿੱਖ ਦਿੱਤੀ ਜਾਵੇ ਅਤੇ ਇਸ ਪਾਵਨ ਨਗਰੀ ਦੇ ਦਰਸ਼ਨ ਦੀਦਾਰੇ ਕਰਨ ਆਉਣ ਵਾਲੇ ਦੇਸ਼ ਵਿਦੇਸ਼ ਦੇ ਸਰਧਾਲੂਆਂ ਨੂੰ ਵਿਸ਼ਵ ਪੱਧਰੀ ਸੁੱਖ ਸਹੂਲਤਾਂ ਮੁਹੱਈਆ ਕਰਵਾਈਆਂ ਜਾਣਗੀਆਂ । ਇਸ ਮੌਕੇ ਸਮਾਗਮ 'ਚ ਉਕਤ ਤੋਂ ਇਲਾਵਾ ਵਧੀਕ ਡਿਪਟੀ ਕਮਿਸ਼ਨਰ ਅਮਨਦੀਪ ਸਿੰਘ ਗੁਜਰਾਲ, ਤਹਿਸੀਲਦਾਰ ਬਾਦਲ ਦੀਨ, ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਦੇ ਵਧੀਕ ਮੈਨੇਜਰ ਸ.ਅਮਰਜੀਤ ਸਿੰਘ ਜਿੰਦਵੜੀ, ਭਾਜਪਾ ਮੰਡਲ ਪ੍ਰਧਾਨ ਐਡਵੋਕੇਟ ਸਤਬੀਰ ਸਿੰਘ ਰਾਣਾ, ਸਰਪੰਚ ਮਨੋਹਰ ਲਾਲ ਖਮੇੜਾ, ਭਾਜਪਾ ਬੁਲਾਰਾ ਬਲਰਾਮ ਪ੍ਰਾਸ਼ਰ, ਪ੍ਰਿੰ: ਸਤਨਾਮ ਸਿੰਘ, ਸ.ਅਮਿਤੋਜ ਸਿੰਘ ਡਾਇਰੈਕਟਰ ਮਾਇਟੀ ਖ਼ਾਲਸਾ ਸਕੂਲ, ਬਾਲ ਕਿਸ਼ਨ ਥਾਣਾ, ਸੁਰੇਸ ਭਾਟੀਆ ਪ੍ਰਧਾਨ ਓਬੀਸੀ ਮੋਰਚਾ, ਜਰਨੈਲ ਸਿੰਘ, ਦਵਿੰਦਰ ਵਰਮਾ, ਰਮਨ ਜਿੰਦਲ ਮਹਾਂ ਮੰਤਰੀ, ਵਿਸ਼ਨੂ ਕੁਮਾਰ, ਐਨ.ਕੇ.ਸ਼ਰਮਾ, ਜੋਗਿੰਦਰ ਸਿੰਘ ਚੌਹਾਨ ਪ੍ਰਧਾਨ ਕਿਸਾਨ ਮੋਰਚਾ, ਕਲਭੂਸ਼ਨ ਸ਼ਰਮਾ ਆਦਿ ਹਾਜਰ ਸਨ ।

# ਲੋਕਾਂ ਦੀਆਂ ਮੁਸ਼ਕਿਲਾ ਦੇ ਨਿਪਟਾਰੇ ਲਈ ਹਰਜੋਤ ਬੈਂਸ ਕੈਬਨਿਟ ਮੰਤਰੀ ਵੱਲੋਂ ਲੋਕ ਮਿਲਣੀ ਨਿਰੰਤਰ ਜਾਰੀ

## ਹਰ ਐਤਵਾਰ ਲੋਕਾਂ ਨਾਲ ਰੂਬਰੂ ਹੋ ਰਹੇ ਹਨ ਹਰਜੋਤ ਬੈਂਸ

■ ਕੱਚੇ ਅਧਿਆਪਕਾਂ ਨੂੰ ਰਾਹਤ ਦੇਣ ਵਾਲੇ ਪੰਜਾਬ ਸਰਕਾਰ ਦੇ ਫੈਸਲੇ ਲਈ ਮੁੱਖ ਮੰਤਰੀ ਤੇ ਸਿੱਖਿਆ ਮੰਤਰੀ ਦਾ ਕੀਤਾ ਧੰਨਵਾਦ



**• ਸ੍ਰੀ ਅਨੰਦਪੁਰ ਸਾਹਿਬ/ਦਵਿੰਦਰਪਾਲ ਸਿੰਘ**

ਆਪਣੇ ਵਿਧਾਨ ਸਭਾ ਹਲਕੇ ਸ੍ਰੀ ਅਨੰਦਪੁਰ ਸਾਹਿਬ ਵਿੱਚ ਹਰ ਐਤਵਾਰ ਉਲੀਕੇ ਲੋਕ ਮਿਲਣੀ ਪ੍ਰੋਗਰਾਮ ਤਹਿਤ ਹਲਕਾ ਵਿਧਾਇਕ, ਪੰਜਾਬ ਦੇ ਕੈਬਨਿਟ ਮੰਤਰੀ ਹਰਜੋਤ ਸਿੰਘ ਬੈਂਸ ਵੱਲੋਂ ਆਮ ਲੋਕਾਂ ਦੇ ਰੂਬਰੂ ਹੋ ਕੇ ਉਨ੍ਹਾਂ ਦੀਆਂ ਮੁਸ਼ਕਿਲਾ ਦਾ ਨਿਪਟਾਰਾ ਤੇ ਸਮੱਸਿਆਵਾ ਦਾ ਢੁਕਵਾ ਹੱਲ ਕੀਤਾ ਜਾ ਰਿਹਾ ਹੈ। ਨਿਰੰਤਰ ਜਾਰੀ ਲੋਕ ਮਿਲਣੀ ਪ੍ਰੋਗਰਾਮ ਤਹਿਤ ਗੰਭੀਰਪੁਰ ਵਿੱਚ ਇਲਾਕੇ ਦੇ ਲੋਕਾਂ ਦੇ ਭਰਵਾ ਤੇ ਪ੍ਰਭਾਵਸ਼ਾਲੀ ਇਕੱਠ ਵਿੱਚ ਕੈਬਨਿਟ ਮੰਤਰੀ ਹਰਜੋਤ ਬੈਂਸ ਵੱਲੋਂ ਪੰਜਾਬ ਸਰਕਾਰ ਦੇ ਲੋਕਪੱਖੀ ਫੈਸਲਿਆਂ ਦੀ ਵੀ ਚਰਚਾ ਕੀਤੀ ਜਾਂਦੀ ਹੈ ਅਤੇ ਮੁੱਖ ਮੰਤਰੀ ਭਗਵੰਤ ਮਾਨ ਵੱਲੋਂ ਲੋਕਹਿੱਤ ਵਿਚ ਲਏ ਜਾ ਰਹੇ ਫੈਸਲਿਆਂ ਲਈ ਇਲਾਕਾ ਵਾਸੀਆਂ ਵੱਲੋਂ ਉਨ੍ਹਾਂ ਦਾ ਵਿਸ਼ੇਸ ਧੰਨਵਾਦ ਕੀਤਾ ਜਾ ਰਿਹਾ ਹੈ।

ਅੱਜ ਗੰਭੀਰਪੁਰ ਵਿੱਚ ਹਰ ਐਤਵਾਰ ਦੀ ਤਰਾਂ ਸਵੇਰ ਤੋਂ ਹੀ ਇਲਾਕੇ ਦੇ ਲੋਕਾਂ ਦਾ ਭਰਵਾ ਤੇ ਪ੍ਰਭਾਵਸ਼ਾਲੀ ਇਕੱਠ ਹੋਇਆ ਅਤੇ ਆਮ ਲੋਕਾਂ ਵੱਲੋਂ ਕੈਬਨਿਟ ਮੰਤਰੀ ਹਰਜੋਤ ਬੈਂਸ ਨੂੰ ਆਪਣੀਆਂ ਸਮੱਸਿਆਵਾਂ ਬਾਰੇ ਜਾਣੂ ਕਰਵਾਇਆ ਜਾ ਰਿਹਾ ਸੀ, ਜਿਸ ਉਪਰੰਤ ਸ.ਬੈਂਸ ਸਬੰਧਿਤ ਵਿਭਾਗਾ ਦੇ ਅਧਿਕਾਰੀਆਂ ਨੂੰ ਲੋਕਾਂ ਦੀਆਂ ਮੁਸ਼ਕਿਲਾਂ ਦੇ ਢੁਕਵੇ ਹੱਲ ਕਰਨ ਲਈ ਨਿਰਦੇਸ਼ ਦਿੱਤੇ ਗਏ। ਉਨ੍ਹਾਂ ਨੇ ਦੱਸਿਆ ਕਿ ਪੰਜਾਬ ਸਰਕਾਰ ਦੇ ਲੋਕਹਿੱਤ ਵਿੱਚ ਲਏ ਜਾ ਰਹੇ ਫੈਸਲਿਆਂ ਅਤੇ ਲੋਕਪੱਖੀ ਕੰਮਾਂ ਤੋ ਪ੍ਰਭਾਵਿਤ ਲੋਕ ਕੈਬਨਿਟ ਮੰਤਰੀ ਦਾ ਵਿਸ਼ੇਸ ਧੰਨਵਾਦ ਕਰਨ ਦੇ ਨਾਲ ਨਾਲ ਕੱਚੇ ਅਧਿਆਪਕਾਂ ਨੂੰ ਰਾਹਤ ਦੇਣ ਦੇ ਫੈਸਲੇ ਦੀ ਸ਼ਲਾਘਾ ਅਤੇ ਸਿੱਖਿਆ ਮੰਤਰੀ ਦਾ ਧੰਨਵਾਦ ਕਰਨ ਲਈ ਅਧਿਆਪਕਾਂ ਦਾ ਇੱਕ ਵਫਦ ਵੀ ਅੱਜ ਗੰਭੀਰਪੁਰ ਪਹੁੰਚਿਆਂ।

ਇਸ ਮੌਕੇ ਕੈਬਨਿਟ ਮੰਤਰੀ ਹਰਜੋਤ ਬੈਂਸ ਨੇ ਕਿਹਾ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਵਿੱਚ ਨਿਰੰਤਰ ਲੋਕ ਭਲਾਈ ਲਈ ਵੱਡੇ ਫੈਸਲੇ ਲੈ ਰਹੀ ਹੈ। ਸਾਡੀ ਸਰਕਾਰ ਨੇ ਹਰ ਵਰਗ ਦੀ ਭਲਾਈ ਲਈ ਜਿਕਰਯੋਗ ਕੰਮ ਕੀਤੇ ਹਨ। ਹਰ ਵਰਗ ਨੂੰ ਬਿਜਲੀ ਬਿੱਲਾਂ ਵਿੱਚ ਰਿਆਇਤ ਦੀ ਸਹੂਲਤ ਦਿੱਤੀ ਹੈ, ਲੋਕਾਂ ਦੇ ਬਿਜਲੀ ਬਿੱਲ ਜੀਰੋ ਆ ਰਹੇ ਹਨ। ਉਨ੍ਹਾਂ ਨੇ ਕਿਹਾ ਕਿ ਕੱਚੇ ਮੁਲਾਜਮਾ ਨੂੰ ਪੱਕੇ ਕੀਤਾ ਜਾ ਰਿਹਾ ਹੈ, ਨਵੀਆਂ ਭਰਤੀਆਂ ਦੀ ਪ੍ਰਕਿਰਿਆ ਚੱਲ ਰਹੀ ਹੈ। ਉਨ੍ਹਾਂ ਨੇ ਕਿਹਾ ਕਿ ਸਰਕਾਰ ਆਪਣੇ ਵਾਅਦੇ ਪੂਰੇ ਕਰਨ ਲਈ ਪੂਰੀ ਤਰਾਂ ਬਚਨਬੱਧ ਹੈ।

ਕੈਬਨਿਟ ਮੰਤਰੀ ਨੇ ਦੱਸਿਆ ਕਿ ਬਿਨਾ ਭੇਦਭਾਵ ਹਰ ਖੇਤਰ ਵਿਚ ਵਿਕਾਸ ਕਰਵਾਇਆ ਜਾ ਰਿਹਾ ਹੈ। ਉਨ੍ਹਾਂ ਨੇ ਕਿਹਾ ਕਿ ਸਰਕਾਰ ਕਿਸਾਨਾ, ਵਪਾਰੀਆਂ, ਮੁਲਾਜਮਾਂ ਆਦਿ ਦੀ ਭਲਾਈ ਲਈ ਲਗਾਤਾਰ ਉਪਰਾਲੇ ਕਰ ਰਹੇ ਹਨ। ਉਨ੍ਹਾਂ ਨੇ ਕਿਹਾ ਕਿ ਭਵਿੱਖ ਵਿੱਚ ਹੋਰ ਵਿਕਾਸ ਦੇ ਕੰਮ ਇਸ ਇਲਾਕੇ ਵਿੱਚ ਕੀਤੇ ਜਾਣਗੇ, ਮੁੱਖ ਮੰਤਰੀ ਆਪਣੇ ਦੌਰਿਆਂ ਦੌਰਾਨ ਗੁਰੂ ਨਗਰੀ ਸ੍ਰੀ ਅਨੰਦਪੁਰ ਸਾਹਿਬ ਹਲਕੇ ਦੇ ਵਿਕਾਸ ਲਈ ਆਪਣੀ ਬਚਨਬੱਧਤਾ ਦੁਹਰਾ ਚੁੱਕੇ ਹਨ। ਆਮ ਲੋਕ ਆਮ ਆਦਮੀ ਪਾਰਟੀ ਦੀ ਸਰਕਾਰ ਦੀ ਕਾਰਜਸ਼ੈਲੀ ਤੋਂ ਪੂਰੀ ਤਰਾਂ ਸੰਤੁਸ਼ਟ ਹਨ ਅਤੇ ਸਾਨੂੰ ਹਰ ਵਰਗ ਦਾ ਸਮਰਥਨ ਮਿਲ ਰਿਹਾ ਹੈ। ਇਸ ਮੌਕੇ ਕੈਬਨਿਟ ਮੰਤਰੀ ਨੇ ਇਲਾਕੇ ਦੇ ਲੋਕਾਂ ਦੀਆਂ ਮੁਸ਼ਕਿਲਾਂ ਨੂੰ ਗੰਭੀਰਤਾ ਨਾਲ ਸੁਣੀਆਂ ਅਤੇ ਸਬੰਧਿਤ ਅਧਿਕਾਰੀਆਂ ਨੂੰ ਮੁਸ਼ਕਿਲਾ ਹੱਲ ਕਰਨ ਲਈ ਨਿਰਦੇਸ਼ ਦਿੱਤੇ।

ਇਸ ਮੌਕੇ ਹਰਮਿੰਦਰ ਸਿੰਘ ਢਾਹੇ ਚੇਅਰਮੈਨ ਜਿਲ੍ਹਾਂ ਯੋਜਨਾਂ ਕਮੇਟੀ, ਰਾਮ ਕੁਮਾਰ ਮੁਕਾਰੀ ਚੇਅਰਮੈਨ ਇੰਮਪਰੂਵਮੈਂਟ ਟਰੱਸਟ, ਦੀਪਕ ਸੋਨੀ ਮੀਡੀਆ ਕੋਆਰਡੀਨੇਟਰ, ਰੋਹਿਤ ਕਾਲੀਆ ਟਰੱਕ ਯੂਨੀਅਨ ਪ੍ਰਧਾਨ, ਜਸਪਾਲ ਸਿੰਘ ਢਾਹੇ, ਸੋਹਣ ਸਿੰਘ ਬੈਂਸ, ਬਲਵਿੰਦਰ ਕੌਰ ਬੈਂਸ, ਦਲਜੀਤ ਸਿੰਘ ਕਾਕਾ ਨਾਨਗਰਾ, ਰਾਕੇਸ਼ ਕੁਮਾਰ ਚੇਅਰਮੈਨ, ਜੱਗਾ ਬਹਿਲੂ, ਪੱਮੂ ਢਿੱਲੋਂ, ਜਸਵਿੰਦਰ ਬਾਂਠ, ਸਤੀਸ਼ ਚੋਪੜਾ ਬਲਾਕ ਪ੍ਰਧਾਨ, ਗੁਰਮੀਤ ਸਿੰਘ ਬਲਾਕ ਪ੍ਰਧਾਨ, ਪ੍ਰਵੀਨ ਅੰਸਾਰੀ, ਅੰਕੁਸ਼ ਪਾਠਕ, ਨਿਤਿਨ ਬਾਸੋਵਾਲ, ਜਸ਼ਨ ਹਾਜ਼ਰ ਸਨ।




ਯੂ .ਪੀ.ਐਸ. ਸੀ .ਜੈਨ ਪਬਲਿਕ ਸਕੂਲ ਜਮਾਲਪੁਰ ਲੁਧਿਆਣਾ ਵਿਖੇ ਧਰਤੀ ਦਿਵਸ 'ਤੇ ਮੁਕਾਬਲੇ ਵਿੱਚ ਹਰਨੂਰ ਸਿੰਘ ਨੇ ਦੂਜਾ ਸਥਾਨ ਪ੍ਰਾਪਤ ਕੀਤਾ। ਕਲਾਸ ਟੀਚਰ ਮੈਡਮ ਭਾਵਨਾ ਪੀ ਟੀ ਐਮ (ਮਾਪੇ - ਅਧਿਆਪਕ ਮਿਲਣੀ) ਸਮੇਂ ਹਰਨੂਰ ਸਿੰਘ ਨੂੰ ਸਨਮਾਨਿਤ ਕਰਦੇ ਹੋਏ। **(ਫੋਟੋ ਤੇ ਵੇਰਵਾ-ਲੁਧਿਆਣਾ)**

# ਨਿਸ਼ਕਾਮ ਨਾਮ ਸਿਮਰਨ ਸੇਵਾ ਸੁਸਾਇਟੀ ਵੱਲੋਂ ਮੋਰਚਾ ਗੁਰੂ ਕਾ ਬਾਗ ਦੇ ਸ਼ਹੀਦਾਂ ਨੂੰ ਸਮਰਪਿਤ ਕੀਰਤਨ ਸਮਾਗਮ ਅਯੋਜਿਤ

■ ਮੋਰਚਾ ਗੁਰੂ ਕਾ ਬਾਗ ਦੀ ਇਤਿਹਾਸਕ ਮੱਹਤਤਾ ਨੂੰ ਸੰਗਤਾਂ ਤੱਕ ਵੱਧ ਤੋ ਵੱਧ ਪਹੁੰਚਾਉਣ ਦੀ ਲੋੜ : ਭੁਪਿੰਦਰ ਸਿੰਘ

**• ਲੁਧਿਆਣਾ**

ਇਤਿਹਾਸਕ ਗੁਰਦੁਆਰਾ ਗੁਰੂ ਕਾ ਬਾਗ ਨੂੰ ਮਹੰਤਾਂ ਤੋ ਆਜ਼ਾਦ ਕਰਵਾਉਣ ਲਈ ਸਿੰਘਾਂ ਵੱਲੋ ਆਰੰਭਿਆ ਗਿਆ ਮੋਰਚਾ ਗੁਰੂ ਕਾ ਬਾਗ ਇੱਕ ਇਤਿਹਾਸਕ ਮੋਰਚਾ ਸੀ। ਜਿਸ ਨੇ ਸਮੁੱਚੀ ਸਿੱਖ ਕੌਮ ਅੰਦਰ ਇੱਕ ਨਵੀਂ ਚੇਤਨਾ ਦੀ ਲਹਿਰ ਆਰੰਭ ਕੀਤੀ ਸੀ। ਇਸ ਲਈ ਮੋਰਚਾ ਗੁਰੂ ਕਾ ਬਾਗ ਦੀ ਇਤਿਹਾਸਕ ਮੱਹਤਤਾ ਤੇ ਇਤਿਹਾਸ ਨੂੰ ਮੌਜੂਦਾ ਸਮੇਂ ਦੀ ਪੀੜ੍ਹੀ ਅਤੇ ਸੰਗਤਾਂ ਤੱਕ ਵੱਧ ਤੋ ਵੱਧ ਪਹੁੰਚਾਉਣ ਦੀ ਲੋੜ ਹੈ। ਇਨ੍ਹਾਂ ਸ਼ਬਦਾਂ ਦਾ ਪ੍ਰਗਟਾਵਾ ਨਿਸ਼ਕਾਮ ਨਾਮ ਸਿਮਰਨ ਸੇਵਾ ਸੁਸਾਇਟੀ ਦੇ ਮੁੱਖ ਸੇਵਾਦਾਰ ਸ.ਭੁਪਿੰਦਰ ਸਿੰਘ ਨੇ ਅੱਜ ਗੁਰਦੁਆਰਾ ਸ਼?ਰੀ ਗੁਰੂ ਸਿੰਘ ਸਭਾ ਮਾਡਲ ਟਾਊਨ ਐਕਸਟੈਂਸ਼ਨ ਵਿਖੇ ਮੋਰਚਾ ਗੁਰੂ ਕਾ ਬਾਗ ਦੇ ਸ਼ਹੀਦਾਂ ਨੂੰ ਸਮਰਪਿਤ ਨਿਸ਼ਕਾਮ ਨਾਮ ਸਿਮਰਨ ਸੇਵਾ ਸੁਸਾਇਟੀ ਵੱਲੋ ਆਯੋਜਿਤ ਕੀਤੇ ਗਏ ਹਫਤਾਵਾਰੀ ਕੀਰਤਨ ਸਮਾਗਮ ਦੌਰਾਨ ਵੱਡੀ ਗਿਣਤੀ ਵਿੱਚ ਇੱਕਤਰ ਹੋਈਆਂ ਸੰਗਤਾਂ ਨੂੰ ਸੰਬੋਧਨ ਕਰਦਿਆਂ ਹੋਇਆਂ ਕੀਤਾ। ਉਨ੍ਹਾਂ ਨੇ ਆਪਣੇ ਵਿਚਾਰਾਂ ਦੀ ਸਾਂਝ ਕਰਦਿਆਂ ਕਿਹਾ ਕਿ ਸਿੱਖ ਕੌਮ ਦਾ ਇਤਿਹਾਸ ਕੁਰਬਾਨੀਆਂ ਭਰਿਆ ਹੈ, ਖਾਸ ਕਰਕੇ ਸਿੱਖ ਇਤਿਹਾਸ ਵਿੱਚ ਦਰਜ ਸਾਕੇ ਤੇ ਮੋਰਚੇ ਹਮੇਸ਼ਾ ਪੰਥ ਨੂੰ ਚੜ੍ਹਦੀਕਲਾ ਵਿੱਚ ਆਪਣਾ ਸੰਘਰਸ਼ ਜਾਰੀ ਰੱਖਣ ਦੀ ਪ੍ਰੇਣਾ ਦੇਂਦੇ ਹਨ। ਇਨ੍ਹਾਂ ਇਤਿਹਾਸਕ ਮੋਰਚਿਆਂ ਵਿਚੋਂ ਇੱਕ ਗੁਰੂ ਕਾ ਬਾਗ ਦਾ ਮੋਰਚਾ ਇੱਕ ਅਹਿਮ ਮੋਰਚਾ ਸੀ। ਜੋ ਨਿਰੰਤਰ ਤਿੰਨ ਮਹੀਨੇ ਤੋ ਵੱਧ ਜਾਰੀ ਰਿਹਾ। ਸ.ਭੁਪਿੰਦਰ ਸਿੰਘ ਨੇ ਕਿਹਾ ਕਿ ਮਹੰਤਾਂ ਤੋ ਉਕਤ ਗੁਰਦੁਆਰਾ ਸਾਹਿਬ ਨੂੰ ਆਜ਼ਾਦ ਕਰਵਾਉਣ ਲਈ 5600 ਤੋ ਵੱਧ ਸਿੰਘ ਗ੍ਰਿਫਤਾਰ ਕੀਤੇ ਗਏ, 1500 ਤੋ ਵੱਧ ਜ਼ਖਮੀ ਹੋਏ ਅਤੇ ਕਈ ਸਿੰਘਾਂ ਨੇ ਸ਼ਹੀਦੀ ਪ੍ਰਾਪਤ ਕੀਤੀ। ਇਸ ਉਪਰੰਤ ਗੁਰੂ ਕਾ ਬਾਗ ਦੇ ਇਤਿਹਾਸਕ ਅਸਥਾਨ ਨੂੰ ਮਹੰਤ ਸੁੰਦਰ ਦਾਸ ਦੇ ਕਬਜੇ ਤੋ ਮੁਕਤ ਕਰਵਾਇਆ ਜਾ ਸਕਿਆ। ਇਸ ਤੋ ਪਹਿਲਾਂ ਮੋਰਚਾ ਗੁਰੂ ਕਾ ਬਾਗ ਦੇ ਸ਼ਹੀਦਾਂ ਦੀ ਯਾਦ ਨੂੰ ਸਮਰਪਿਤ ਕੀਤੇ ਗਏ ਕੀਰਤਨ ਸਮਾਗਮ ਵਿੱਚ ਪੰਥ ਦੇ ਪ੍ਰਸਿੱਧ ਕੀਰਤਨੀਏ ਭਾਈ ਸਤਿੰਦਰਪਾਲ ਸਿੰਘ(ਅਖੰਡ ਕੀਰਤਨੀ ਜੱਥਾ) ਲੁਧਿਆਣੇ ਵਾਲਿਆ ਦੇ ਕੀਰਤਨੀ ਜੱਥੇ ਨੇ ਆਪਣੀਆਂ ਹਾਜ਼ਰੀਆਂ ਭਰ ਕੇ ਸੰਗਤਾਂ ਨੂੰ ਗੁਰਬਾਣੀ ਕੀਰਤਨ ਰਾਹੀ ਨਿਹਾਲ ਕੀਤਾ ਅਤੇ ਇਕੱਤਰ ਹੋਈਆਂ ਸੰਗਤਾਂ ਦੇ ਨਾਲ ਗੁਰਮਤਿ ਵਿਚਾਰਾਂ ਦੀ ਸਾਂਝ ਕਰਦਿਆਂ ਹੋਇਆ ਕਿਹਾ ਕਿ ਮੌਜੂਦਾ ਸਮੇਂ ਅੰਦਰ ਹਰ ਸਿੱਖ ਬੱਚਾ ਤੇ ਨੌਜਵਾਨ ਆਪਣੇ ਅੰਦਰ ਪੰਥ ਪ੍ਰਸਤੀ ਵਾਲੀ ਸੋਚ ਤੇ ਗੁਰਸਿੱਖੀ ਵਾਲਾ ਜ਼ਜਬਾ ਪੈਦਾ ਕਰੇ। ਇਸ ਮੌਕੇ ਨਿਸ਼ਕਾਮ ਨਾਮ ਸਿਮਰਨ ਸੇਵਾ ਸੁਸਾਇਟੀ ਦੇ ਮੁੱਖ ਸੇਵਾਦਾਰ ਸ.ਭੁਪਿੰਦਰ ਸਿੰਘ ਅਤੇ ਉਨ੍ਹਾਂ ਦੇ ਸਾਥੀ ਮੈਬਰਾਂ ਨੇ ਕੀਰਤਨੀ ਜੱਥਿਆਂ ਨੂੰ ਸਿਰਪਾਉ ਭੇਟ ਕਰਕੇ ਸਨਮਾਨਿਤ ਵੀ ਕੀਤਾ ਗਿਆ। ਸਮਾਗਮ ਦੌਰਾਨ ਸ. ਇੰਦਰਜੀਤ ਸਿੰਘ ਮੱਕੜ ,ਜਤਿੰਦਰਪਾਲ ਸਿੰਘ ਸਲੂਜਾ, ਕਰਨੈਲ ਸਿੰਘ ਬੇਦੀ, ਪ੍ਰਿਤਪਾਲ ਸਿੰਘ ,ਬਲਬੀਰ ਸਿੰਘ ਭਾਟੀਆ, ਅਰੋੜਾ, ਜਗਪ੍ਰੀਤ ਸਿੰਘ ਮੱਕੜ,ਮਨਜੀਤ ਸਿੰਘ ,ਤਰਲੋਚਨ ਸਿੰਘ ਸਾਂਬਰ,ਰਵਿੰਦਰ ਸਿੰਘ ਪੈਰੀ,ਜੱਥੇਦਾਰ ਹਰਪਾਲ ਸਿੰਘ ਖਾਲਸਾ, ਡਾ.ਹਰਵਿੰਦਰ ਸਿੰਘ ,ਹਰਭਜਨ ਸਿੰਘ ਰਿਟਾਇਰਡ ਐਸ.ਐਸ.ਪੀ, ਆਗਿਆਪਾਲ ਸਿੰਘ ਚਾਵਲਾ,ਜੀਤ ਸਿੰਘ, ਗੁਰਵਿੰਦਰ ਸਿੰਘ ਆੜਤੀ, ਸੁਰਿੰਦਰ ਸਿੰਘ ਸਚਦੇਵਾ,ਇੰਦਰਪਾਲ ਸਿੰਘ ਕਾਲੜਾ, ਕਮਲਦੀਪ ਸਿੰਘ ਕਾਲੜਾ,ਹਰਕੀਰਤ ਸਿੰਘ ਬਾਵਾ,ਜੁਗਿੰਦਰ ਸਿੰਘ, ਸਰਪੰਚ ਗੁਰਚਰਨ ਸਿੰਘ,ਏ.ਪੀ ਸਿੰਘ ਅਰੋੜਾ , ਜਗਦੇਵ ਸਿੰਘ ਕਲਸੀ,ਅੱਤਰ ਸਿੰਘ ਮੱਕੜ,ਮਹਿੰਦਰ ਸਿੰਘ ਡੰਗ, ਰਜਿੰਦਰ ਸਿੰਘ ਡੰਗ,ਗੁਰਪ੍ਰੀਤ ਸਿੰਘ ਪ੍ਰਿੰਸ, ਸੁਖਪ੍ਰੀਤ ਸਿੰਘ ਮਨੀ, ਬਾਦਸ਼ਾਹ ਦੀਪ ਸਿੰਘ ਆਦਿ ਸਨ।

ਪੰਜਾਬ ਦੇ ਹਰ ਜ਼ਿਲ੍ਹੇ ਤੋਂ ਰੋਜ਼ਾਨਾ ਲੋਕ ਬਾਣੀ ਅਖ਼ਬਾਰ ਲਈ ਪੱਤਰਕਾਰਾਂ ਦੀ ਲੋੜ ਹੈ ਚਾਹਵਾਨ ਪੱਤਰਕਾਰ ਸੰਪਰਕ ਕਰਨ ਮੁੱਖ ਦਫਤਰ
ਲੋਕ ਬਾਣੀ ਸੰਗਮ ਕੰਪਲੈਕਸ, ਮਿਲਾਪ ਚੌਕ ਜਲੰਧਰ 99155-94111

# ਸਾਬਕਾ ਸਰਪੰਚ ਸਾਥੀਆਂ ਸਣੇ ਆਮ ਆਦਮੀ ਪਾਰਟੀ ਵਿੱਚ ਹੋਏ ਸ਼ਾਮਿਲ

## ਸਰਕਾਰ ਦੇ ਲੋਕਪੱਖੀ ਫੈਸਲਿਆਂ ਤੋ ਪ੍ਰਭਾਵਿਤ ਹੋ ਕੇ ਕੀਤੀ ਸਮੂਲੀਅਤ



■ ਹਰਜੋਤ ਬੈਂਸ ਕੈਬਨਿਟ ਮੰਤਰੀ ਨੇ ਸਰਕਾਰ ਦੇ ਲੋਕਪੱਖੀ ਫੈਸਲਿਆਂ ਤੋ ਪ੍ਰਭਾਵਿਤ ਆਮ ਆਦਮੀ ਪਾਰਟੀ ਵਿੱਚ ਸ਼ਾਮਲ ਹੋਏ ਪਤਵੰਤਿਆਂ ਦਾ ਕੀਤਾ ਸਵਾਗਤ

• **ਸ੍ਰੀ ਅਨੰਦਪੁਰ ਸਾਹਿਬ/ਦਵਿੰਦਰਪਾਲ ਸਿੰਘ**

ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਦੀਆਂ ਲੋਕ ਪੱਖੀ ਨੀਤੀਆਂ ਤੋਂ ਪ੍ਰਭਾਵਿਤ ਹੋ ਕੇ ਦਸਗਰਾਈ ਦੇ ਸਾਬਕਾ ਸਰਪੰਚ ਕੁਲਦੀਪ ਸਿੰਘ, ਪੰਚ ਚਰਨਦਾਸ, ਸਿੱਧੂ ਤੇ ਚੰਨਣ ਸਿੰਘ ਨੇ ਸਾਥੀਆਂ ਸਮੇਤ ਕੈਬਨਿਟ ਮੰਤਰੀ ਹਰਜੋਤ ਬੈਂਸ ਦੀ ਹਾਜ਼ਰੀ ਵਿੱਚ ਆਮ ਆਦਮੀ ਪਾਰਟੀ ਵਿੱਚ ਸਮੂਲੀਅਤ ਕੀਤੀ। ਇਸ ਮੌਕੇ ਆਗੂਆਂ ਨੇ ਕਿਹਾ ਕਿ ਹਲਕਾ ਵਿਧਾਇਕ ਅਤੇ ਕੈਬਨਿਟ ਮੰਤਰੀ ਹਰਜੋਤ ਬੈਂਸ ਵੱਲੋਂ ਲਗਾਤਾਰ ਹਲਕੇ ਦਾ ਸਰਵਪੱਖੀ ਵਿਕਾਸ ਕਰਵਾਇਆ ਜਾ ਰਿਹਾ ਹੈ।ਮੁੱਖ ਮੰਤਰੀ ਭਗਵੰਤ ਮਾਨ ਲੋਕਾਂ ਨਾਲ ਕੀਤੇ ਵਾਅਦੇ ਪੂਰੇ ਕਰ ਰਹੇ ਹਨ। ਪੰਜਾਬ ਸਰਕਾਰ ਲੋਕ ਭਲਾਈ ਦੇ ਵੱਡੇ ਵੱਡੇ ਫੈਸਲੇ ਲੈ ਰਹੀ ਹੈ। ਮੁੱਖ ਮੰਤਰੀ ਭਗਵੰਤ ਮਾਨ ਦੀ ਕਹਿਣੀ ਅਤੇ ਕਰਨੀ ਵਿੱਚ ਕੌਈ ਅੰਤਰ ਨਹੀ ਹੈ। ਉਨ੍ਹਾਂ ਨੇ ਕਿਹਾ ਕਿ ਅਸੀ ਹੁਣ ਆਮ ਆਦਮੀ ਪਾਰਟੀ ਵਿੱਚ ਸ਼ਾਮਲ ਹੋ ਰਹੇ ਹਾਂ, ਅਤੇ ਇਹ ਸਮੂਲੀਅਤ ਵਿਕਾਸ ਤੇ ਮੋਹਰ ਹੈ।ਆਗੂਆਂ ਦੀ ਨਿਰੰਤਰ ਆਮ ਆਦਮੀ ਪਾਰਟੀ ਵਿੱਚ ਹੋ ਰਹੀ ਸਮੂਲੀਅਤ ਨਾਲ ਹਲਕੇ ਵਿੱਚ ਦਿਨ ਪ੍ਰਤੀ ਦਿਨ ਬਦਲ ਰਹੇ ਸਮੀਕਰਨ ਮਜਬੂਤ ਹੋ ਰਹੀ ਆਮ ਆਦਮੀ ਪਾਰਟੀ ਦੇ ਸੰਕੇਤ ਹਨ। ਲੋਕਾਂ ਵੱਲੋਂ ਵਿਕਾਸ ਅਤੇ ਸਰਕਾਰ ਦੀ ਕਾਰਗੁਜਾਰੀ ਦੀ ਸ਼ਲਾਘਾ ਕਰਦੇ ਹੋਏ ਇਹ ਫੈਸਲੇ ਲਏ ਜਾ ਰਹੇ ਹਨ। ਸ.ਹਰਜੋਤ ਸਿੰਘ ਬੈਂਸ ਨੇ ਇਸ ਮੌਕੇ ਆਮ ਆਦਮੀ ਪਾਰਟੀ ਦੀ ਸਰਕਾਰ ਦੇ ਫੈਸਲਿਆਂ ਤੋਂ ਪ੍ਰਭਾਵਿਤ ਹੋ ਕੇ ਸਮਰਥਨ ਦੇਣ ਵਾਲੇ ਆਗੂਆਂ, ਪਤਵੰਤਿਆਂ ਦਾ ਭਰਵਾ ਸਵਾਗਤ ਕੀਤਾ। ਉਨ੍ਹਾਂ ਨੇ ਕਿਹਾ ਕਿ ਬਿਨਾਂ ਭੇਦ-ਭਾਵ ਵਿਕਾਸ ਦੇ ਕੰਮ ਕਰਵਾਏ ਜਾ ਰਹੇ ਹਨ। ਇਸ ਮੌਕੇ ਹਰਮਿੰਦਰ ਸਿੰਘ ਢਾਹੇ ਚੇਅਰਮੈਨ ਜਿਨ੍ਹਾ ਯੋਜਨਾ ਕਮੇਟੀ, ਰਾਮ ਕੁਮਾਰ ਮੁਕਾਰੀ ਚੇਅਰਮੈਨ ਇੰਪਰੂਪਮੈਂਟ ਟਰੱਸਟ, ਦੀਪਕ ਸੋਨੀ ਮੀਡੀਆ ਕੋਆਰਡੀਨੇਟਰ, ਰੋਹਿਤ ਕਾਲੀਆ ਟਰੱਕ ਯੂਨੀਅਨ ਪ੍ਰਧਾਨ, ਜਸਪਾਲ ਸਿੰਘ ਢਾਹੇ, ਸੋਹਣ ਸਿੰਘ ਬੈਂਸ, ਠੇਕੇਦਾਰ ਹਰਮਨਜੀਤ ਸਿੰਘ, ਸਰਬਜੀਤ ਬੈਂਸ, ਜੀਵਨ ਕੁਮਾਰ ਜਰਨੈਲ ਸਿੰਘ, ਕੁਲਦੀਪ ਖ਼ਾਨਪੁਰ, ਨਰੇਸ਼ ਕੁਮਾਰ, ਸਰੂਪ ਸਿੰਘ ਸਾਬਕਾ ਸਰਪੰਚ ਮੌਜੂਦ ਸਨ।

# ਕਸ਼ਮੀਰ ਵਾਸੀ ਲੇਖਕ ਹਰਮੋਹਿੰਦਰ ਸਿੰਘ ਹਰਜੀ ਦੇ ਦੇਹਾਂਤ ਤੇ ਲੋਕ ਵਿਰਾਸਤ ਅਕਾਡਮੀ ਵੱਲੋਂ ਅਫ਼ਸੋਸ ਦਾ ਪ੍ਰਗਟਾਵਾ

• **ਲੁਧਿਆਣਾ/ਸੁਖਚੈਨ ਮਹਿਰਾ, ਵਰਿੰਦਰ ਪ੍ਰਕਾਸ਼ ਭਾਂਬਰੀ**

ਜੰਮੂ-ਕਸ਼ਮੀਰ ਪੰਜਾਬੀ ਸਾਹਿਤ ਦੇ ਸਿਰਕੱਢ ਲੇਖਕ ਹਰਮੋਹਿੰਦਰ ਸਿੰਘ ਹਰਜੀ ਦੇ ਬੀਤੇ ਕੱਲ੍ਹ ਦੇਹਾਂਤ ਹੋਣ ਤੇ ਪੰਜਾਬੀ ਲੋਕ ਵਿਰਾਸਤ ਅਕਾਡਮੀ ਦੇ ਚੇਅਰਮੈਨ ਪ੍ਰੋ? ਗੁਰਭਜਨ ਸਿੰਘ ਗਿੱਲ ਨੇ ਡੂੰਘੇ ਅਫ਼ਸੋਸ ਦਾ ਪ੍ਰਗਟਾਵਾ ਕੀਤਾ ਹੈ। ਉਨ੍ਹਾਂ ਕਿਹਾ ਕਿ ਜੰਮੂ-ਕਸ਼ਮੀਰ ਪੰਜਾਬੀ ਸਾਹਿਤ ਦੇ ਸਿਰਮੌਰ ਲੇਖਕ ਹਰਮੋਹਿੰਦਰ ਸਿੰਘ ਹਰਜੀ ਜੰਮੂ-ਕਸ਼ਮੀਰ ਵਿੱਚ ਰਚੇ ਜਾ ਰਹੇ ਪੰਜਾਬੀ ਸਾਹਿਤ ਦੇ ਮੀਲ ਪੱਥਰ ਸਨ। ਉਹ ਜੰਮੂ-ਕਸ਼ਮੀਰ ਕਲਾ ਸੰਸਕ੍ਰਿਤੀ ਅਤੇ ਭਾਸ਼ਾ ਅਕੈਡਮੀ ਤੇ ਅਦਾਰਾ ਸ਼ੀਰਾਜ਼ਾ ਮੈਗਜ਼ੀਨ ਦੇ ਨਾਲ ਨਾਲ ਸਮੂਹ ਪੰਜਾਬੀ ਸਾਹਿੱਤਕ ਪਰਿਵਾਰ ਬਰਾਬਰ ਦੇ ਸ਼ਰੀਕ ਹਨ।



ਸ਼ੀਰਾਜ਼ਾ ਦੇ ਮਿੱਖ ਸੰਪਾਦਕ ਪੋਪਿੰਦਰ ਸਿੰਘ ਪਾਰਸ ਨੇ ਦੱਸਿਆ ਕਿ ਹਰਮੋਹਿੰਦਰ ਸਿੰਘ ਹਰਜੀ ਨੇ 18 ਪੁਸਤਕਾਂ ਲਿਖ ਕੇ ਪੰਜਾਬੀ ਅਦਬ ਦੀ ਦੁਨੀਆ ਵਿਚ ਚੰਗੀ ਪਛਾਣ ਬਣਾਈ। ਇਨ੍ਹਾਂ ਦੀ ਸਾਹਿਤਕ ਸਿਰਜਣਾ ਨੂੰ ਹਮੇਸ਼ਾਂ ਸਲਾਮ ਹੈ, ਕਿਉਂਕਿ ਉਹ ਸੰਵੇਦਨਸ਼ੀਲ ਜ਼ਿੰਦਾਦਿਲ ਅਦੀਬ ਸਨ। ਹਰਜੀ ਨੇ ਆਪਣੇ ਕਾਲ ਦੌਰਾਨ ਵਧੀਆ ਸਾਹਿਤ ਰਚਨਾ ਕੀਤੀ ਹੈ, ਜਿਸ ਵਿਚ ਵਿਅੰਗ, ਲੇਖ, ਨਿਬੰਧ, ਅਨੁਵਾਦ, ਕਾਵਿ ਸੰਗ੍ਰਹਿ, ਸਫ਼ਰਨਾਮਾ, ਨਾਵਲ ਆਦਿ ਕੀਮਤੀ ਸਾਹਿਤ ਰਾਹੀਂ ਵਧੀਆ ਭੂਮਿਕਾ ਨਿਭਾਈ ਹੈ।

ਪੰਜਾਬੀ ਲੇਖਕਾਂ ਪ੍ਰੋ? ਰਵਿੰਦਰ ਭੱਠਲ, ਸਹਿਜਪ੍ਰੀਤ ਸਿੰਘ ਮਾਂਗਟ, ਤ੍ਰੈਲੋਚਨ ਲੋਚੀ, ਭਾਰਤੀ ਸਾਹਿੱਤ ਅਕਾਡਮੀ ਪੁਰਸਕਾਰ ਵਿਜੇਤਾ ਕਹਾਣੀਕਾਰ ਸੁਖਜੀਤ, ਮਨਜਿੰਦਰ ਧਨੋਆ, ਡਾ. ਗੁਰਚਰਨ ਕੌਰ ਕੋਚਰ, ਸੁਰਿੰਦਰਦੀਪ ਕੌਰ, ਡਾ? ਨਿਰਮਲ ਜੌੜਾ, ਪੰਜਾਬੀ ਸਾਹਿੱਤ ਅਕਾਡਮੀ ਦੇ ਸਰਪ੍ਰਸਤ ਗੁਰਿੰਦਰਜੀਤ ਸਿੰਘ ਨੱਤ, ਜਗਦੀਸ਼ਪਾਲ ਸਿੰਘ ਗਰੇਵਾਲ ਸਰਪੰਚ ਪਿੰਡ ਦਾਦ, ਤਰਨਜੀਤ ਸਿੰਘ ਕਿੰਨੜਾ ਮੁੱਖ ਸੰਪਾਦਕ ਸੰਗੀਤ ਦਰਪਨ ਫਗਵਾੜਾ ਨੇ ਵੀ ਸ? ਹਰਮੋਹਿੰਦਰ ਸਿੰਘ ਹਰ ਜੀ ਦੇ ਦੇਹਾਂਤ ਤੇ ਪਰਿਵਾਰ ਨਾਲ ਸੰਵੇਦਨਾ ਪ੍ਰਗਟ ਕੀਤੀ ਹੈ।



• **ਲੁਧਿਆਣਾ**

ਭਾਈ ਕਨ੍ਹਈਆ ਜੀ ਬਿਰਧ ਆਸ਼ਰਮ , ਨਿੱਝਰ ਕੋਲਡ ਸਟੋਰ ਅੰਮ੍ਰਿਤਸਰ ਵਿਖੇ ਗੁਰੂ ਦਰਬਾਰ ਅਤੇ ਬਿਰਧ ਆਸ਼ਰਮ ਦੀ ਕਾਰ- ਸੇਵਾ ਚੱਲ ਰਹੀ ਹੈ। ਮਹੰਤ ਸੁਰਿੰਦਰ ਸਿੰਘ ਸੇਵਾਪੰਥੀ ਵੱਲੋਂ ਸਰਬੱਤ ਗੁਰੂ ਨਾਨਕ ਨਾਮ ਲੇਵਾ ਸੰਗਤਾਂ ਨੂੰ ਬੇਨਤੀ ਹੈ ਕਿ ਉਹ ਆਪਣੀ ਦਸਾਂ ਨਹੁੰਆਂ ਦੀ ਕਿਰਤ ਕਮਾਈ ਵਿੱਚੋਂ ਰੇਤ, ਬੱਜਰੀ, ਇੱਟਾਂ ,ਸਰੀਆ, ਸੀਮਿੰਟ ਅਤੇ ਨਕਦ ਮਾਇਆ ਦੀ ਸੇਵਾ ਕਰਕੇ ਆਪਣਾ ਜਨਮ ਸਫਲਾ ਕਰੋ ਜੀ।

# 28 ਅਗਸਤ ਨੂੰ ਸਮਾਰਟ ਮੀਟਰਾਂ ਦੇ ਵਿਰੁੱਧ ਲਾਏ ਜਾ ਰਹੇ ਧਰਨੇ ਵਿੱਚ ਭਰਵੀਂ ਸ਼ਮੂਲੀਅਤ ਕਰਨਗੇ ਆਟੋ ਵਰਕਰ



• **ਸਹੀਦ ਭਗਤ ਸਿੰਘ ਨਗਰ**

ਪਾਵਰਕੌਮ ਵਲੋਂ ਬਿਜਲੀ ਦੇ ਲਾਏ ਜਾ ਰਹੇ ਚਿੱਪ ਵਾਲੇ ਚਿੱਪ ਵਾਲੇ ਪ੍ਰੀਪੇਡ ਸਮਾਰਟ ਮੀਟਰਾਂ ਦੇ ਵਿਰੋਧ ਵਿੱਚ ਸਮਾਰਟ ਮੀਟਰ ਵਿਰੋਧੀ ਫਰੰਟ ਵਲੋਂ ਨਿਗਰਾਨ ਇੰਜੀਨੀਅਰ ਪਾਵਰਕੌਮ ਦੇ ਨਵਾਂਸ਼ਹਿਰ ਦਫਤਰ ਅੱਗੇ 28 ਅਗਸਤ ਨੂੰ ਸਵੇਰੇ 10 ਵਜੇ ਤੋਂ ਬਾਅਦ ਦੁਪਹਿਰ 2 ਵਜੇ ਤੱਕ ਲਾਏ ਜਾ ਰਹੇ ਧਰਨੇ ਵਿੱਚ ਆਟੋ ਵਰਕਰ ਭਰਵੀਂ ਸ਼ਮੂਲੀਅਤ ਕਰਨਗੇ।ਇਹ ਫੈਸਲਾ ਅੱਜ ਨਵਾਂਸ਼ਹਿਰ ਵਿਖੇ ਹੋਈ ਆਟੋ ਵਰਕਰਜ਼ ਯੂਨੀਅਨ ਦੀ ਮੀਟਿੰਗ ਵਿੱਚ ਕੀਤਾ ਗਿਆ।ਧਰਨੇ ਤੋਂ ਪਹਿਲਾਂ 17 ਅਗਸਤ ਨੂੰ 11 ਵਜੇ ਸਮਾਰਟ ਮੀਟਰਾਂ ਸਬੰਧੀ ਨਿਗਰਾਨ ਇੰਜੀਨੀਅਰ ਨੂੰ ਡੈਪੂਟੇਸ਼ਨ ਮਿਲੇਗਾ।ਇਸ ਮੀਟਿੰਗ ਨੂੰ ਇਫਟੂ ਦੇ ਸੂਬਾ ਪ੍ਰੈਸ ਸਕੱਤਰ ਜਸਬੀਰ ਦੀਪ, ਆਟੋ ਵਰਕਰਜ਼ ਯੂਨੀਅਨ ਦੇ ਜਿਲਾ ਪ੍ਰਧਾਨ ਪੁਨੀਤ ਕੁਮਾਰ ਕਲੇਰ, ਜਿਲਾ ਮੀਤ ਪ੍ਰਧਾਨ ਬਿੱਲਾ ਗੁੱਜਰ, ਕੁਲਵੰਤ,ਕੁਲਵਿੰਦਰ ,ਤਰਨਜੀਤ,ਗੁਰਪ੍ਰੀਤ ਗੋਪੀ, ਅਮਰਜੀਤ ਸਿੰਘ,ਦੇਸ ਰਾਜ, ਲਾਲ ਚੰਦ, ਗੁਰਨੇਕ ਅਤੇ ਜੀਤਾ ਕਲੇਰ ਨੇ ਸੰਬੋਧਨ ਕੀਤਾ। ਆਗੂਆਂ ਨੇ ਕਿਹਾ ਕਿ ਪੰਜਾਬ ਦੀ ਆਪ ਸਰਕਾਰ ਬਿਜਲੀ ਦੇ ਚਿੱਪ ਵਾਲੇ ਸਮਾਰਟ ਮੀਟਰ ਲਾਕੇ ਸਸਤੀ ਅਤੇ ਮੁਫਤ ਬਿਜਲੀ ਦੀ ਸਹਾਇਤਾ ਖਤਮ ਕਰਕੇ ਪਾਵਰਕੌਮ ਨੂੰ ਕਾਰਪੋਰੇਟ ਨੂੰ ਕੌਡੀਆਂ ਦੇ ਭਾਅ ਵੇਚਣਾ ਚਾਹੁੰਦੀ ਹੈ।ਜਿਸ ਤਰ੍ਹਾਂ ਮੋਦੀ ਸਰਕਾਰ ਨੇ ਸਬਸਿਡੀ ਬੈਂਕ ਖਾਤਿਆਂ ਵਿੱਚ ਪਾਉਣ ਦੇ ਨਾ ਹੇਠਾਂ ਰਸੋਈ ਗੈਸ ਤੇ ਮਿਲਣ ਵਾਲੀ ਸਬਸਿਡੀ ਖਤਮ ਕਰ ਦਿੱਤੀ ਹੈ।ਚਿੱਪ ਵਾਲੇ ਮੀਟਰਾਂ ਦੀ ਨਵੀਂ ਪਾਲਿਸੀ ਅਨੁਸਾਰ ਖਪਤਕਾਰ ਬਿਜਲੀ ਬਾਅਦ ਵਿੱਚ ਫੂਕੇਗਾ ਇਸਦੀ ਅਦਾਇਗੀ ਖਪਤਕਾਰ ਨੂੰ ਪਹਿਲਾਂ ਕਰਨੀ ਪਵੇਗੀ।ਜਦਕਿ ਹੁਣ ਡਿਜੀਟਲ ਮੀਟਰਾਂ ਰਾਹੀਂ ਖਪਤਕਾਰ ਬਿਜਲੀ ਦੀ ਵਰਤੋਂ ਪਹਿਲਾਂ ਕਰਦਾ ਹੈ ਇਸਦੇ ਪੈਸਿਆਂ ਦੀ ਅਦਾਇਗੀ ਬਾਅਦ ਵਿੱਚ ਕਰ ਕਰ ਰਿਹਾ ਹੈ। ਪੈਸੇ ਖਤਮ ਹੁੰਦਿਆਂ ਹੀ ਘਰ ਦੀ ਬਿਜਲੀ ਆਟੋਮੈਟਿਕ ਹੀ ਕੱਟੀ ਜਾਵੇਗੀ। ਉਹਨਾਂ ਕਿਹਾ ਕਿ ਨਵੇਂ ਸਮਾਰਟ ਮੀਟਰਾਂ ਦੀ ਮੋਟੀ ਕੀਮਤ ਦਾ ਬੋਝ ਵੀ ਖਪਤਕਾਰਾਂ ਦੇ ਸਿਰ ਹੀ ਪਵੇਗਾ।ਆਗੂਆਂ ਨੇ ਕਿਹਾ ਕਿ ਸਮਾਰਟ ਮੀਟਰ ਲੱਗਣ ਨਾਲ ਬਿਜਲੀ ਮੁਲਾਜਮਾ ਦੀ ਲੋੜ ਘਟ ਜਾਵੇਗੀ ।ਇਸ ਤਰ੍ਹਾਂ ਪਾਵਰਕੌਮ ਵਿੱਚ ਨੌਕਰੀ ਦੇ ਮੌਕੇ ਵੀ ਘਟ ਜਾਣਗੇ।ਜੇਕਰ ਖਪਤਕਾਰ ਅਜੇ ਵੀ ਨਾ ਉੱਠੇ ਤਾਂ ਪੰਜਾਬ ਦੀ ਮਾਨ ਸਰਕਾਰ ਭਵਿੱਖ ਵਿੱਚ ਖੇਤੀ ਮੋਟਰਾਂ ਉੱਤੇ ਸਮਾਰਟ ਮੀਟਰ ਲਾਕੇ ਕਿਸਾਨਾਂ ਨੂੰ ਮਿੱਲ ਰਹੀ ਮੁਫਤ ਬਿਜਲੀ ਦੀ ਸਹੂਲਤ ਦਾ ਵੀ ਭੋਗ ਪਾ ਸਕਦੀ ਹੈ।

# ਹਾਲੇ ਤਾਂ ਵਿਕਾਸ ਦਾ ਬਰੌਲਾ ਉੱਠਿਆ, ਡਬਲ ਇੰਜਨ ਦੀ ਸਰਕਾਰ ਆਉਣ ’ਤੇ ਪੰਜਾਬ ਦੀ ਨੁਹਾਰ ਬਦਲ ਜਾਵੇਗੀ : ਅਜੈਵੀਰ ਸਿੰਘ ਲਾਲਪੁਰਾ

## ➤ ਪ੍ਰਧਾਨ ਮੰਤਰੀ ਸ੍ਰੀ ਨਰੇਂਦਰ ਮੋਦੀ ਜੀ ਨੇ ਵਰਚੁਅਲੀ ਰੂਪਨਗਰ ਰੇਲਵੇ ਸਟੇਸ਼ਨ ਦੇ ਨਵੀਨੀਕਰਣ ਦਾ ਰਖਿਆ ਨੀਂਹ ਪੱਥਰ

**• ਸ੍ਰੀ ਅਨੰਦਪੁਰ ਸਾਹਿਬ(ਰੂਪਨਗਰ)/ਦਵਿੰਦਰਪਾਲ ਸਿੰਘ**

ਪ੍ਰਧਾਨ ਮੰਤਰੀ ਸ੍ਰੀ ਨਰੇਦਰ ਮੋਦੀ ਜੀ ਦੀ ਅਗਵਾਈ ਹੇਠ ਕੇਂਦਰ ਸਰਕਾਰ ਦੀ ਅੰਮ੍ਰਿਤ ਭਾਰਤ ਸਟੇਸ਼ਨ ਯੋਜਨਾ ਤਹਿਤ ਜ਼ਿਲ੍ਹਾ ਰੂਪਨਗਰ ਦੇ ਤਿੰਨ ਰੇਲਵੇ ਸਟੇਸ਼ਨਾਂ ਰੂਪਨਗਰ,ਸ੍ਰੀ ਅਨੰਦਪੁਰ ਸਾਹਿਬ ਅਤੇ ਨੰਗਲ ਦਾ ਕ੍ਰਮਵਾਰ 23.99 ਕਰੋੜ, 24.21 ਕਰੋੜ ਅਤੇ 23.31 ਕਰੋੜ ਦੇ ਨਾਲ ਆਧੁਨਿਕ ਨਵੀਨੀਕਰਣ ਦੇ ਕਾਰਜਾਂ ਦਾ ਨੀਂਹ ਪੱਥਰ ਅੱਜ ਪ੍ਰਧਾਨ ਮੰਤਰੀ ਜੀ ਵਲੋਂ ਵਰਚੂਅਲੀ ਰੱਖਿਆ ਗਿਆ। ਅੱਜ ਰੂਪਨਗਰ ਰੇਲਵੇ ਸਟੇਸ਼ਨ ਵਿਖੇ ਕਰਵਾਏ ਸਮਾਗਮ ਮੌਕੇ ਭਾਜਪਾ ਦੇ ਜ਼ਿਲ੍ਹਾ ਪ੍ਰਧਾਨ ਸਰਦਾਰ ਅਜੈਵੀਰ ਸਿੰਘ ਲਾਲਪੁਰਾ ਨੇ ਵਿਸ਼ੇਸ਼ ਤੌਰ ’ਤੇ ਸ਼ਿਰਕਤ ਕੀਤੀ। ਇਸ ਮੌਕੇ ਪ੍ਰਧਾਨ ਮੰਤਰੀ ਸ੍ਰੀ ਨਰੇਂਦਰ ਮੋਦੀ ਜੀ ਵਲੋਂ ਵਰਚੂਅਲੀ ਰੂਪਨਗਰ ਰੇਲਵੇ ਸਟੇਸ਼ਨ ਦੇ ਨਵੀਨੀਕਰਣ ਦਾ ਨੀਂਹ ਪੱਥਰ ਰੱਖਿਆ ਗਿਆ। ਸਮਾਗਮ ਮੌਕੇ ਸੰਬੋਧਨ ਕਰਦੇ ਹੋਏ ਅਜੈਵੀਰ ਸਿੰਘ ਲਾਲਪੁਰਾ ਨੇ ਕਿਹਾ ਕਿ ਸਾਡੇ ਪ੍ਰਧਾਨ ਮੰਤਰੀ ਸ੍ਰੀ ਨਰੇਂਦਰ ਮੋਦੀ ਜੀ ਦੀ ਦੂਰ ਅੰਦੇਸ਼ੀ ਅਤੇ ਸਕਰਾਤਮਿਕ ਸੋਚ ਸਦਕਾ ਅੱਜ ਦਾ ਇਤਿਹਾਸਿਕ ਦਿਨ ਰੂਪਨਗਰ ਨੂੰ ਅਸਲ ਮਾਅਨੇ ਵਿਚ ਰੂਪ ਦਾ ਨਗਰ ਬਣਾਉਣ ਵਜੋਂ ਇਤਿਹਾਸ ਵਿਚ ਦਰਜ ਹੋ ਜਾਵੇਗਾ। ਉਨ੍ਹਾਂ ਕਿਹਾ ਕਿ ਹਾਲੇ ਤਾਂ ਸਿਰਫ ਵਿਕਾਸ ਦਾ ਇੱਕ ਬਰੌਲਾ ਹੀ ਉੱਠਿਆ ਹੈ, ਡਬਲ ਇੰਜਨ ਦੀ ਸਰਕਾਰ ਆਉਣ ’ਤੇ ਹਰ ਪਾਸੇ ਵਿਕਾਸ ਹੀ ਵਿਕਾਸ ਨਜ਼ਰ ਆਵੇਗਾ। ਲਾਲਪੁਰਾ ਨੇ ਕਿਹਾ ਕਿ ਬੀਤੇ ਸਮੇਂ ਉਨ੍ਹਾਂ ਨੂੰ ਪ੍ਰਧਾਨ ਮੰਤਰੀ ਸ੍ਰੀ ਨਰੇਂਦਰ ਮੋਦੀ ਜੀ ਨਾਲ ਮਿਲਣ ਦਾ ਮੌਕਾ ਮਿਲਿਆ ਤੇ ਉਹ ਹੈਰਾਨ ਸਨ ਕਿ ਸ੍ਰੀ ਮੋਦੀ ਜੀ ਪੰਜਾਬੀਆਂ ਨੂੰ ਇਸ ਕਦਰ ਪਿਆਰ ਕਰਦੇ ਹਨ ਜਿਸ ਦਾ ਵਰਣਨ ਸ਼ਬਦਾਂ ਵਿਚ ਨਹੀਂ ਕੀਤਾ ਜਾ ਸਿਰਫ ਅੱਜ ਦਾ ਦਿਨ ਪ੍ਰਤੱਖ ਪ੍ਰਮਾਣ ਹੀ ਦੇ ਸਕਦਾ ਹੈ ਕਿ ਪੂਰੇ ਪੰਜਾਬ ਵਿਚ ਅੱਜ 22 ਰੇਲਵੇ ਸਟੇਸ਼ਨ ਦਾ ਕਰੋੜਾਂ ਰੁਪਏ ਨਾਲ ਨਵੀਨੀਕਰਣ ਦਾ ਨੀਂਹ ਪੱਥਰ ਰੱਖਿਆ ਗਿਆ ਹੈ। ਉਨ੍ਹਾਂ ਦੱਸਿਆ ਕਿ 1998 ਤੋਂ ਬਾਅਦ ਇਹ ਪਹਿਲੀ ਵਾਰ ਹੈ ਕਿ ਇਨ੍ਹਾਂ ਰੇਲਵੇ ਸਟੇਸ਼ਨਾਂ ਦੀ ਵੱਡੇ ਪੱਧਰ ’ਤੇ ਕਾਇਆ ਕਲਪ ਹੋਣ ਜਾ ਰਹੀ ਹੈ, ਜਿਸ ਲਈ ਪ੍ਰਧਾਨ ਮੰਤਰੀ ਸ੍ਰੀ ਨਰੇਂਦਰ ਮੋਦੀ ਅਤੇ ਰੇਲਵੇ ਮੰਤਰੀ ਸ੍ਰੀ ਅਸ਼ਵਨੀ ਵੈਸ਼ਨਵ ਦੇ ਅਤਿ ਧੰਨਵਾਦੀ ਹਾਂ। ਇਸ ਯੋਜਨਾ ਤਹਿਤ





ਚੰਡੀਗੜ੍ਹ ਰੇਲਵੇ ਸਟੇਸ਼ਨ ਅਤੇ ਪੰਜਾਬ ਦੇ 22 ਰੇਲਵੇ ਸਟੇਸ਼ਨਾਂ ਨੂੰ ਵੀ ਆਧੁਨਿਕ ਸਹੂਲਤਾਂ ਨਾਲ ਲੈਸ ਕੀਤਾ ਜਾਵੇਗਾ। ਉਨ੍ਹਾਂ ਦੱਸਿਆ ਕਿ ਇਸ ਯੋਜਨਾ ਤਹਿਤ ਸਟੇਸ਼ਨਾਂ ਤੱਕ ਯਾਤਰੀਆਂ ਦੀ ਪਹੁੰਚ, ਸਰਕੂਲੇਟਿੰਗ ਏਰੀਆ, ਵੇਟਿੰਗ ਹਾਲ, ਪਖਾਨੇ, ਲਿਫਟ/ਐਸਕੇਲੇਟਰ, ਲੋੜ ਅਨੁਸਾਰ ਸਫ਼ਾਈ, ਮੁਫ਼ਤ ਵਾਈ-ਫਾਈ, ਕਿਓਸਕ ਵਰਗੀਆਂ ਸਹੂਲਤਾਂ ਨੂੰ ਬਿਹਤਰ ਬਣਾਉਣ ਲਈ ਇੱਕ ਮਾਸਟਰ ਪਲਾਨ ਤਿਆਰ ਕੀਤਾ ਗਿਆ ਹੈ। ਹਰੇਕ ਸਟੇਸ਼ਨ ਦੀਆਂ ਜ਼ਰੂਰਤਾਂ ਨੂੰ ਧਿਆਨ ਵਿੱਚ ਰੱਖਦੇ ਹੋਏ, ‘ਇੱਕ ਸਟੇਸ਼ਨ ਇੱਕ ਉਤਪਾਦ’, ਬਿਹਤਰ ਯਾਤਰੀ ਸੂਚਨਾ ਪ੍ਰਣਾਲੀ, ਕਾਰਜਕਾਰੀ ਲੌਂਜ, ਵਪਾਰਕ ਮੀਟਿੰਗਾਂ ਲਈ ਨਿਰਧਾਰਤ ਜਗ?ਹਾ, ਲੈਂਡਸਕੇਪਿੰਗ ਆਦਿ

ਰੋਜ਼ਾਨਾ ਲੋਕ ਬਾਣੀ

ਨੂੰ ਵੀ ਯੋਜਨਾ ਵਿੱਚ ਸ਼ਾਮਲ ਕੀਤਾ ਗਿਆ ਹੈ। ਇਸ ਮੌਕੇ ਜ਼ਿਲ੍ਹਾ ਮੀਤ ਪ੍ਰਧਾਨ ਜਗਦੀਸ਼ ਸਿੰਘ ਕਟਲੀ, ਸੂਬਾ ਮੀਤ ਪ੍ਰਧਾਨ ਯੁਵਾ ਮੋਰਚਾ ਭਾਜਪਾ ਸੁਖਬੀਰ ਸਿੰਘ ਤੰਬੜ, ਰੂਪਨਗਰ ਮੰਡਲ ਪ੍ਰਧਾਨ ਸ੍ਰੀ ਜਗਦੀਸ਼ ਚੰਦਰ ਕਾਜਲਾ, ਜ਼ਿਲ੍ਹਾ ਯੁਵਾ ਮੋਰਚਾ ਪ੍ਰਧਾਨ ਅਮਨਪ੍ਰੀਤ ਸਿੰਘ ਕਾਬੜਵਾਲ, ਅਭੀਸ਼ੇਕ ਅਗਨੀਹੋਤਰੀ, ਗੁਰਕੀਰਤ ਸਿੰਘ ਸੈਣੀ, ਸੁਰਿੰਦਰਪਾਲ ਸੇਠੀ, ਹਰਨੇਕ ਸਿੰਘ ਕਲਾਰਾਂ, ਜਗਦੀਪ ਸਿੰਘ, ਨਿਸ਼ਾਂਤ ਰਾਣਾ, ਰਾਜ ਕੁਮਾਰ ਰਾਣਾ, ਸਤਿੰਦਰ ਨਾਗੀ, ਗਗਨ ਗੁਪਤਾ, ਨਵਦੀਪ ਚੌਹਾਨ, ਦਰਸ਼ਨ ਸਿੰਘ ਸ਼ਿਵਜੋਤ, ਇੰਦਰਪਾਲ ਸਿੰਘ, ਪ੍ਰਿੰਸ ਕੌਸ਼ਿਕ ਜਤਿੰਦਰ ਕੌਰ, ਸੰਗਤ ਸਿੰਘ ਭਾਮੀਆ, ਹਰਨੇਕ ਸਿੰਘ, ਟੋਨੀ ਵਰਮਾ, ਦੀਪਿਕਾ ਢੱਲ, ਕਰਨਵੀਰ ਸਿੰਘ ਜੌਲੀ, ਰਮੇਸ਼ਵਰ ਸ਼ਰਮਾ, ਰਕੇਸ਼ ਚੋਪੜਾ, ਜਸਵੀਰ ਸਿੰਘ, ਅਸ਼ਵਨੀ ਸ਼ਰਮਾ, ਜਰਨੈਲ ਸਿੰਘ ਭਾਉਵਾਲ, ਨਰਿੰਦਰ ਸਿੰਘ, ਤਜਿੰਦਰ ਸਿੰਘ ਤੇਜੀ, ਅਭੀਸ਼ੇਕ ਅਗਨੀਹੋਤਰੀ, ਰਾਜਨ ਯਾਦਵ, ਅੰਕੁਰ ਗੁਪਤਾ, ਨਿਸ਼ਾ ਵਿੱਗ, ਐਡਵੋਕੇਟ ਸੋਨੂੰ ਮਿੱਤਲ, ਗੁਰਦੀਪ ਸਿੰਘ, ਰਾਮ ਨੂੰਹੋਂ, ਸੁਰਜੀਤ ਡਕਾਲਾ, ਹਰਵਿੰਦਰ ਡਕਾਲਾ, ਦਰਸ਼ਨ ਸਿੰਘ ਚੰਦਪੁਰ, ਸੰਜੂ ਮਲਿਕਪੁਰ, ਕਾਲਾ ਕਟਲੀ, ਕਿਰਨ ਮਲਿਕਪੁਰ, ਬੰਤ ਘਨੌਲੀ, ਜਸਮੇਰ, ਲਾਡੀ ਪਤਿਆਲਾ ਚੱਕਢੇਰਾਂ, ਬੰਤੀ ਲੋਧੀਮਾਜਰਾ, ਆਸ਼ਾ ਰਾਣੀ, ਬਖਸ਼ੋ ਦੇਵੀ, ਕਮਲਜੀਤ ਕੌਰ ਆਦਿ ਸਮੇਤ ਵੱਡੀ ਗਿਣਤੀ ਭਾਜਪਾ ਵਰਕਰ, ਪ੍ਰਸ਼ਾਸ਼ਨਿਕ ਅਧਿਕਾਰੀ, ਰੇਲਵੇ ਅਧਿਕਾਰੀ ਮੌਜੂਦ ਸਨ।

# ਸੁਨਿਹਰਾ ਭਾਰਤ ਪਾਰਟੀ ਵੱਲੋਂ ਕਾਰਪੋਰੇਸ਼ਨ 2023 ਦੀਆਂ ਚੋਣਾਂ ਲੜਨ ਦਾ ਸਰਕਟ ਹਾਊਸ, ਲੁਧਿਆਣਾ ਵਿੱਚ ਪ੍ਰੈਸ ਕਾਨਫਰੰਸ ਦੌਰਾਨ ਕੀਤਾ ਐਲਾਨ

**• ਲੁਧਿਆਣਾ/ਸੁਖਚੈਨ ਮਹਿਰਾ , ਵਰਿੰਦਰ ਪ੍ਰਕਾਸ਼ ਭਾਂਬਰੀ**

ਲੁਧਿਆਣਾ ਦੇ ਸਰਕਟ ਹਾਊਸ ਵਿੱਚ ਸੁਨਹਿਰਾ ਭਾਰਤ ਪਾਰਟੀ ਦੇ ਰਾਸ਼ਟਰੀ ਪ੍ਰਧਾਨ ਸ੍ਰੀ ਰਾਕੇਸ਼ ਕੁਮਾਰ ਵਲੋ ਨਵੰਬਰ ਮਹੀਨੇ ਵਿੱਚ ਹੋਣ ਜਾ ਰਹੀਆਂ ਕਾਰਪੋਰੇਸ਼ਨ ਦੀਆ ਚੋਣਾਂ ਲੜਨ ਦਾ ਐਲਾਨ ਕੀਤਾ ਗਿਆ। ਰਾਕੇਸ਼ ਕੁਮਾਰ ਜੀ ਨੇ ਕਿਹਾ ਕਿ ਸਾਡੀ ਪਾਰਟੀ ਨੇ ਲੁਧਿਆਣਾ ਦੇ ਨਾਲ ਨਾਲ ਬਾਕੀ ਜ਼ਿਲ੍ਹੇ ਦੀਆਂ ਚੋਣਾਂ ਵਿੱਚ ਹਿੱਸਾ ਲੈਣ ਦਾ ਫੈਸਲਾ ਕੀਤਾ ਹੈ ◆ ਰਕੇਸ਼ ਕੁਮਾਰ ਨੇ ਮੀਡੀਆ ਨੂੰ ਸੰਬੋਧਨ ਕਰਦੇ ਹੋਏ ਦੱਸਿਆ ਕਿ ਮੌਜੂਦਾ ਸਰਕਾਰ ਆਮ ਆਦਮੀ ਪਾਰਟੀ ਨਿਕੰਮੀ ਸਾਬਤ ਹੋਈ ਹੈ। ਇਹ ਪਹਿਲਾ ਕੁੱਝ ਹੋਰ ਅਤੇ ਹੁਣ ਕਰ ਕੁਝ ਹੋਰ ਰਹੇ ਹਨ। ਸਰਕਾਰਾਂ ਆਉਂਦੀਆਂ ਤੇ ਜਾਂਦੀਆਂ ਨੇ ਪਰ ਲੋਕਾਂ ਦੀ ਸੁਵਿਧਾਵਾ ਵਲ ਕੋਈ ਵੀ ਧਿਆਨ ਨਹੀਂ ਦਿੰਦਾ ਹੈ। ਸੜਕਾਂ ਦਾ ਬੁਰਾ ਹਾਲ ਹੈ, ਪੀਣ ਵਾਲੇ ਪਾਣੀ ਵਿੱਚ ਗਟਰ ਦਾ ਪਾਣੀ ਮਿਕ?ਸ ਹੋਕੇ ਆਉਂਦਾ ਹੈ। ਪੰਜਾਬ ਦੇ ਕਈ ਸ਼ਹਿਰਾਂ ਦੀਆ ਗਲੀਆ/ਸੜਕਾ ਝੀਲਾ ਬਣ ਗਈਆਂ ਹਨ। ਪਰ ਕਾਰਪੋਰੇਸ਼ਨ ਦੇ ਚੇਅਰਮੈਨ/ਕਮਿਸ਼ਨਰ ਕੁੰਭਕਰਨ ਵਾਲੀ ਨੀਂਦ ਵਿੱਚ ਖੁਬੇ ਹਨ। ਸੜਕਾਂ/ ਗਲੀਆਂ/ ਨਾਲੀਆਂ ਨੇ ਲੋਕਾਂ ਦਾ ਆਉਣਾ ਜਾਣਾ ਬਹੁਤ ਬੁਰਾ ਹਾਲ ਕੀਤਾ ਹੈ। ਇਸ ਤੋਂ ਇਲਾਵਾ ਰਕੇਸ਼ ਕੁਮਾਰ ਜੀ ਨੇ ਆਪਣੀ ਸਰਕਾਰ ਬਣਨ ਤੇ ਹਰ ਵਾਰਡ ਵਿੱਚ ਨੌਜਵਾਨ ਲਈ ਸਰਕਾਰੀ ਜ਼ੀਮ ਖੋਲਣ ਦਾ ਐਲਾਨ ਕੀਤਾ ਅਤੇ ਬਜ਼ੁਰਗਾਂ/ਬੱਚਿਆਂ ਲਈ ਪਾਰਕ ਹਰ ਵਾਰਡ ਵਿਚ ਬਣਵਾਉਣ ਦਾ ਵਾਦਾ ਕੀਤਾ। ਪਾਰਟੀ ਦੇ ਸੈਕਟਰੀ ਅਜੇ ਗਿੱਲ ਨੇ ਮੀਡਿਆ ਨੂੰ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਮੌਜੂਦਾ ਸਰਕਾਰ ਬਿਜਲੀ ਫ?ਰੀ ਕਰਕੇ ਪੰਜਾਬੀਆ ਨੂੰ ਕਰਜਾਈ ਕਰਕੇ ਪੰਜਾਬ ਨੇ ਡੋਬਣਾ ਚਾਹੁੰਦੀ ਹੈ। ਕਿਉਂਕਿ ਆਮ ਆਦਮੀ ਪਾਰਟੀ ਅਤੇ ਭਾਰਤੀਯ ਜਨਤਾ ਪਾਰਟੀ ਇਕੋ ਥਾਲੀ ਦੇ ਯਾਰ ਹਨ। ਪੰਜਾਬ ਸਰਕਾਰ ਨੇ 7780 ਕਰੋੜ ਦੀ ਬਿਜਲੀ ਦੀ ਪਹਿਲੀ ਕਿਸ਼ਤ ਜਾਰੀ ਕੀਤੀ ਹੈ। ਅਜੈ ਜੀ ਨੇ ਕਿਹਾ ਕੇ ਹੁਣ ਉਹ ਦਿਨ ਦੂਰ ਨਹੀਂ ਜਦੋਂ ਪੰਜਾਬ ਅੰਬਾਨੀ/ਅਡਾਨੀ ਨੂੰ ਇਹ ਲੋਕ ਬੇਚ ਦੇਣਗੇ ਕਿਉਕਿ ਪੰਜਾਬ ਉੱਪਰ ਕਰਜ਼ਾ ਪਹਿਲਾ ਨਾਲੋ ਵੱਧ ਕੇ 3 ਲੱਖ ਕਰੋੜ ਤੱਕ ਜਾ ਪਹੁੰਚਿਆ ਹੈ। ਇਹ ਕਰਜ਼ਾ ਹੋਰ ਵਧਾਉਣ ਲਈ ਆਮ ਆਦਮੀ ਪਾਰਟੀ ਗ਼ਲਤ ਫੈਸਲੇ ਲੈਕੇ ਪੰਜਾਬ ਦੇ ਲੋਕਾਂ ਦਾ ਘਾਟਾ ਕਰਵਾ ਰਹੀ ਹੈ ਅਤੇ ਨਸ਼ਿਆ ਨੂੰ ਘਟਾਉਣ ਦੀ ਬਜਾਏ ਹਲਾ ਸ਼ੇਰੀ ਦੇ ਰਹੀ ਹੈ ਕਿਉਕਿ ਹੁਣ ਥਾ ਥਾ ਤੇ ਸ਼ਰਾਬ ਦੇ ਠੇਕੇ ਖੋਲ੍ਹਣ ਲਈ ਸਰਕਾਰ ਨੇ ਖੁੱਲੀ ਛੁੱਟੀ ਦਿੱਤੀ ਹੋਈ ਹੈ ਪਾਰਟੀ ਦੇ ਇੰਟਰਨੈਸ਼ਨਲ ਸਟਾਰ ਪ੍ਰਚਾਰਕ ਗਾਇਕ/ਐਕਟਰ ਨਰਿੰਦਰ ਨੂਰ ਨੇ ਕਿਹਾ ਕਿ ਪੰਜਾਬ ਵਿੱਚ ਚਿੱਟਾ ਪਹਿਲਾ ਨਾਲੋ ਦੱਸ ਗੁਣਾ ਵਧਿਆ ਹੈ। ਕਿਉਕਿ ਆਮ ਆਦਮੀ ਪਾਰਟੀ ਗ਼ਲਤ ਸੋਚ ਕਾਰਨ ਅੱਜ ਮਾਵਾਂ ਦੀਆਂ ਝੋਲੀਆਂ ਖਾਲੀ ਹੈ ਰਹੀਆ ਨੇ ਅਤੇ ਔਰਤਾਂ ਦੇ ਸੁਹਾਗ ਉੱਜੜ ਰਹੇ ਨੇ ਅਤੇ ਭੈਣਾਂ ਅਤੇ ਬੱਚਿਆਂ ਤੋਂ ਸਹਾਰਾ ਉੱਠ ਰਿਹਾ ਹੈ। ਆਏ ਦਿਨ ਨੌਜਵਾਨਾਂ ਦੀ ਚਿੱਟੇ ਕਰਨ ਮੌਤਾਂ ਹੋ ਰਹੀਆ ਹੈ। ਇਸ ਲਈ ਨੂਰ ਜੀ ਨੇ ਦੱਸਿਆ ਕਿ ਜਦੋਂ ਸਾਡੀ ਸਰਕਾਰ ਬਣੀ ਤਾਂ ਸਭ ਤੋਂ ਪਹਿਲਾ ਅਸੀ ਚਿੱਟੇ ਦਾ ਜੜ ਤੋਂ ਖਾਤਮਾ ਕਰਨ ਲਈ ਪੋਸਤ ਦੀ ਖੇਤੀ ਦਾ ਸਰਕਾਰੀ ਫ਼ਰਮਾਨ ਕਾਨੂੰਨ ਦੀ ਦੇਖ ਰੇਖ ਵਿੱਚ ਕਰਨਗੇ ਤਾਕੇ ਚਿੱਟਾ ਤੋ ਨੌਜਵਾਨਾਂ ਦਾ ਧਿਆਨ ਹੱਟ ਸਕੇ ਅਤੇ ਕਿਸਾਨੀ ਛੱਡ ਚੁੱਕੇ ਕਿਸਾਨਾਂ ਨੂੰ ਮੁਨਾਫ਼ਾ ਕਮਾਉਣ ਵਾਲਾ ਇਕ ਅਜਿਹੀ ਉੱਚ ਪੱਧਰੀ ਖੇਤੀ ਕੀਤੀ ਜਾਵੇ ਕਿ ਹਰੀ ਕਰਾਂਤੀ ਆਏ ਅਤੇ ਪੰਜਾਬ ਨੂੰ ਸੁਨਹਿਰਾ ਬਣਾਇਆ ਜਾ ਸਕੇ। ਇਸ ਮੌਕੇ ਤੇ ਮੁੱਖ ਮਹਿਮਾਨ ਸੱਜਾਦ ਆਲਮ ਜੀ ਨੇ ਮੀਡੀਆ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਪੰਜਾਬ ਸਰਕਾਰ ਕਦੇ ਵੀ ਪਰਵਾਸੀ ਮਜ਼ਦੂਰਾਂ ਵਲ ਧਿਆਨ ਨਹੀਂ ਕਰਦੀ ਅਤੇ ਨਾਹੀ ਇਹਨਾ ਦੀ ਕੀਤੇ ਕੋਈ ਸੁਣਵਾਈ ਹੁੰਦੀ ਫੈਕਟਰੀ ਦੇ ਮਾਲਕ ਆਪਣਾ ਕੰਮ ਕਰਵਾ ਕੇ ਕਈ ਕਈ ਵਾਰ ਤਾਂ ਤਨਖਾਹਾਂ ਵੀ ਸਮੇਂ ਸਿਰ ਨਹੀਂ ਦਿੰਦੇ ਅਤੇ ਨਾਹੀ ਪੁਲਸ ਕੋਈ ਸੁਣਵਾਈ ਕਰਦੀ ਹੈ। ਪੰਜਾਬ ਸਰਕਾਰ ਦੀ ਗਰੀਬ ਮਜ਼ਦੂਰਾਂ ਪ੍ਰਤੀ ਇਹ ਬੇਰੁਖੀ ਆਉਣ ਵਾਲੀਆਂ ਚੋਣਾਂ ਵਿੱਚ ਕਰਾਰਾ ਜਵਾਬ ਦਿੱਤਾ ਜਾਵੇਗਾ ਅਤੇ ਸੱਜਾਦ ਜੀ ਨੇ ਕਿਹਾ ਕੇ ਰਾਹੋਂ ਰੋਡ ਦਾ ਹਾਲ ਨਰਕ ਭੋਗਣ ਵਾਲਾ ਹਾਲ ਹੈ। ਇਥੋਂ ਦੇ ਲੋਕ ਪੀਣ ਵਾਲੇ ਪਾਣੀ ਲਈ ਤਰਸ ਰਹੇ ਨੇ , ਸੜਕਾ ਦਾ ਹਾਲ ਬੇਹਾਲ ਹੈ ਇਸ ਲਈ ਆਉਣ ਵਾਲਿਆ ਚੋਣਾਂ ਵਿੱਚ ਇਹਨਾ ਲੀਡਰਾਂ ਨੂੰ ਜਵਾਬ ਦਿੱਤਾ ਜਾਵੇਗਾ।




St. Soldier
GROUP OF INSTITUTIONS
EDUCATIONAL 64 YEARS EXCELLENCE
SINCE 1958
MORE THAN
• 56 Colleges & Schools • 200 Merit Positions
• 125 Companies For Placements
• 75 Academic Courses
• 2000 Placements In 2022 - 2023
• 42000 Students From All Over India
CANADIAN PATHWAY PROGRAMS

FREE BUS SERVICE FOR ALL COLLEGE STUDENTS FOR ALL ROUTES
ENGINEERING (B.Tech - M.Tech*)
• Mechanical Engg.* • Electrical Engg. • Civil Engg. • Computer Science Engg.* • Tool Engg. • B.Voc Hardware and Networking • Electronics & Comm. Engg. • Automobile Engg.
HOTEL MANAGEMENT
• B.Sc (H&HA) Hospitality and Hotel Administration • BHMCT Hotel Management & Catering Technology • BTTM Tourism and Travel Management • MHMCT Masters in Hotel Management and Catering Technology • One Year Courses (Food Production, Bakery, F&B Services, Front Office)
MANAGEMENT & COMMERCE
• MBA • BBA • B.Sc. (Cyber Security) • M.Com.(Prof.) • BCom. (Reg/Prof.)
DEGREE COURSES
• BA • B.Com. • BBA • D.C.A. • PGDCA • BCA / B.Sc. (IT)

PARAMEDICAL COURSES
• M.Pharmacy • B.Pharmacy • B. Sc. MLS • D.Pharmacy • Diploma in MLT • M.Sc MLS • Bachelor of Physiotherapy • MSC (Medical Microbiology, Biochemistry) • BSC Medical Technology - Anesthesia & Operation Theater* • BSC Operation Theater Technology* • BSC Radiology and Imaging Technology*
POLYTECHNIC DIPLOMA
IN JALANDHAR & CHABBEWAL HOSHIARPUR
• Tool & Die Making • Electronics & Comm. Engg. • Civil Engg. • Mechanical, Electrical, Computer Engg. • Automobile Engg. • Mechatronics Diploma in Polytechnic • Diploma in Architectural Assistance Ship
MEDIA & FASHION
• B.Sc. Fashion Technology • B.Sc. Mass Comm. & Journalism • B.Sc. Multimedia
INFORMATION TECHNOLOGY
• MCA • BCA • BSc.IT • PGDCA • DCA

LAW
• BA.LLB. • B.COM. LLB • BBA.LLB. • LLB
• PG DIPLOMA IN CYBER LAW
TEACHER / PHYSICAL EDUCATION
• BPES • B.Ed. • D.El.Ed. • B.P.Ed. • D.P.Ed
NURSING TRAINING
• General Nursing & Midwifery (GNM)
ARCHITECTURE
• B. Architecture

INDUSTRIAL TRAINING INSTITUTE
• Electrician • COPA • Welder • Carpenter • Plumber • Vehicle Motor Mechanic • Architecture Draftsman • Diesel Mechanic • Refrigeration & AC

/stsoldiergroup
www.stsoldiergroup.com
LATERAL ENTRY ADMISSION INTO SECOND YEAR AVAILABLE
Now ANIMATION & SOCIAL MEDIA Courses Available
CORP. OFFICE : 680-L MODEL TOWN, JALANDHAR.
M: 9814003681 | 9814003652 | 9814345025 | 9914464565

# ਨਿਸ਼ਕਾਮ ਨਾਮ ਸਿਮਰਨ ਸੇਵਾ ਸੁਸਾਇਟੀ ਵੱਲੋਂ ਮੋਰਚਾ ਗੁਰੂ ਕਾ ਬਾਗ ਦੇ ਸ਼ਹੀਦਾਂ ਨੂੰ ਸਮਰਪਿਤ ਕੀਰਤਨ ਸਮਾਗਮ ਅਯੋਜਿਤ

## ਮੋਰਚਾ ਗੁਰੂ ਕਾ ਬਾਗ ਦੀ ਇਤਿਹਾਸਕ ਮੱਹਤਤਾ ਨੂੰ ਸੰਗਤਾਂ ਤੱਕ ਵੱਧ ਤੋ ਵੱਧ ਪਹੁੰਚਾਉਣ ਦੀ ਲੋੜ : ਭੁਪਿੰਦਰ ਸਿੰਘ

**• ਲੁਧਿਆਣਾ**

ਇਤਿਹਾਸਕ ਗੁਰਦੁਆਰਾ ਗੁਰੂ ਕਾ ਬਾਗ ਨੂੰ ਮਹੰਤਾਂ ਤੋ ਆਜ਼ਾਦ ਕਰਵਾਉਣ ਲਈ ਸਿੰਘਾਂ ਵੱਲੋ ਆਰੰਭਿਆ ਗਿਆ ਮੋਰਚਾ ਗੁਰੂ ਕਾ ਬਾਗ ਇੱਕ ਇਤਿਹਾਸਕ ਮੋਰਚਾ ਸੀ। ਜਿਸ ਨੇ ਸਮੁੱਚੀ ਸਿੱਖ ਕੌਮ ਅੰਦਰ ਇੱਕ ਨਵੀਂ ਚੇਤਨਾ ਦੀ ਲਹਿਰ ਆਰੰਭ ਕੀਤੀ ਸੀ। ਇਸ ਲਈ ਮੋਰਚਾ ਗੁਰੂ ਕਾ ਬਾਗ ਦੀ ਇਤਿਹਾਸਕ ਮੱਹਤਤਾ ਤੇ ਇਤਿਹਾਸ ਨੂੰ ਮੌਜੂਦਾ ਸਮੇਂ ਦੀ ਪੀੜ੍ਹੀ ਅਤੇ ਸੰਗਤਾਂ ਤੱਕ ਵੱਧ ਤੋ ਵੱਧ ਪਹੁੰਚਾਉਣ ਦੀ ਲੋੜ ਹੈ।ਇਨ੍ਹਾਂ ਸ਼ਬਦਾਂ ਦਾ ਪ੍ਰਗਟਾਵਾ ਨਿਸ਼ਕਾਮ ਨਾਮ ਸਿਮਰਨ ਸੇਵਾ ਸੁਸਾਇਟੀ ਦੇ ਮੁੱਖ ਸੇਵਾਦਾਰ ਸ.ਭੁਪਿੰਦਰ ਸਿੰਘ ਨੇ ਅੱਜ ਗੁਰਦੁਆਰਾ ਸ਼?ਰੀ ਗੁਰੂ ਸਿੰਘ ਸਭਾ ਮਾਡਲ ਟਾਊਨ ਐਕਸਟੈਂਸ਼ਨ ਵਿਖੇ ਮੋਰਚਾ ਗੁਰੂ ਕਾ ਬਾਗ ਦੇ ਸ਼ਹੀਦਾਂ ਨੂੰ ਸਮਰਪਿਤ ਨਿਸ਼ਕਾਮ ਨਾਮ ਸਿਮਰਨ ਸੇਵਾ ਸੁਸਾਇਟੀ ਵੱਲੋ ਆਯੋਜਿਤ ਕੀਤੇ ਗਏ ਹਫਤਾਵਾਰੀ ਕੀਰਤਨ ਸਮਾਗਮ ਦੌਰਾਨ ਵੱਡੀ ਗਿਣਤੀ ਵਿੱਚ ਇੱਕਤਰ ਹੋਈਆਂ ਸੰਗਤਾਂ ਨੂੰ ਸੰਬੋਧਨ ਕਰਦਿਆਂ ਹੋਇਆਂ ਕੀਤਾ। ਉਨ੍ਹਾਂ ਨੇ ਆਪਣੇ ਵਿਚਾਰਾਂ ਦੀ ਸਾਂਝ ਕਰਦਿਆਂ ਕਿਹਾ ਕਿ ਸਿੱਖ ਕੌਮ ਦਾ ਇਤਿਹਾਸ ਕੁਰਬਾਨੀਆਂ ਭਰਿਆ ਹੈ, ਖਾਸ ਕਰਕੇ ਸਿੱਖ ਇਤਿਹਾਸ ਵਿੱਚ ਦਰਜ ਸਾਕੇ ਤੇ ਮੋਰਚੇ ਹਮੇਸ਼ਾ ਪੰਥ ਨੂੰ ਚੜ੍ਹਦੀਕਲਾ ਵਿੱਚ ਆਪਣਾ ਸੰਘਰਸ਼ ਜਾਰੀ ਰੱਖਣ ਦੀ ਪ੍ਰੇਨਾ ਦੇਦੇ ਹਨ।ਇਨ੍ਹਾਂ ਇਤਿਹਾਸਕ ਮੋਰਚਿਆਂ ਵਿਚੋਂ ਇੱਕ ਗੁਰੂ ਕਾ ਬਾਗ ਦਾ ਮੋਰਚਾ ਇੱਕ ਅਹਿਮ ਮੋਰਚਾ ਸੀ। ਜੋ ਨਿਰੰਤਰ ਤਿੰਨ ਮਹੀਨੇ ਤੋ ਵੱਧ ਜਾਰੀ ਰਿਹਾ।ਸ.ਭੁਪਿੰਦਰ ਸਿੰਘ ਨੇ ਕਿਹਾ ਕਿ ਮਹੰਤਾਂ ਤੋ ਉਕਤ ਗੁਰਦੁਆਰਾ ਸਾਹਿਬ ਨੂੰ ਆਜ਼ਾਦ ਕਰਵਾਉਣ ਲਈ 5600 ਤੋ ਵੱਧ ਸਿੰਘ ਗ੍ਰਿਫਤਾਰ ਕੀਤੇ ਗਏ,1500 ਤੋ ਵੱਧ ਜ਼ਖਮੀ ਹੋਏ ਅਤੇ ਕਈ ਸਿੰਘਾਂ ਨੇ ਸ਼ਹੀਦੀ ਪ੍ਰਾਪਤ ਕੀਤੀ। ਇਸ ਉਪਰੰਤ ਗੁਰੂ ਕਾ ਬਾਗ ਦੇ ਇਤਿਹਾਸਕ ਅਸਥਾਨ ਨੂੰ ਮਹੰਤ ਸੁੰਦਰ ਦਾਸ ਦੇ ਕਬਜੇ ਤੋ ਮੁਕਤ ਕਰਵਾਇਆ ਜਾ ਸਕਿਆ।ਇਸ ਤੋ ਪਹਿਲਾਂ ਮੋਰਚਾ ਗੁਰੂ ਕਾ ਬਾਗ ਦੇ ਸ਼ਹੀਦਾਂ ਦੀ ਯਾਦ ਨੂੰ ਸਮਰਪਿਤ ਕੀਤੇ ਗਏ ਕੀਰਤਨ ਸਮਾਗਮ ਵਿੱਚ ਪੰਥ ਦੇ ਪ੍ਰਸਿੱਧ ਕੀਰਤਨੀਏ ਭਾਈ ਸਤਿੰਦਰਪਾਲ ਸਿੰਘ(ਅਖੰਡ ਕੀਰਤਨੀ ਜੱਥਾ) ਲੁਧਿਆਣੇ ਵਾਲਿਆ ਦੇ ਕੀਰਤਨੀ ਜੱਥੇ ਨੇ ਆਪਣੀਆਂ ਹਾਜ਼ਰੀਆਂ ਭਰ ਕੇ ਸੰਗਤਾਂ ਨੂੰ ਗੁਰਬਾਣੀ ਕੀਰਤਨ ਰਾਹੀ ਨਿਹਾਲ ਕੀਤਾ ਅਤੇ ਇਕੱਤਰ ਹੋਈਆਂ ਸੰਗਤਾਂ ਦੇ ਨਾਲ ਗੁਰਮਤਿ ਵਿਚਾਰਾਂ ਦੀ ਸਾਂਝ ਕਰਦਿਆਂ ਹੋਇਆ ਕਿਹਾ ਕਿ ਮੌਜੂਦਾ ਸਮੇਂ ਅੰਦਰ ਹਰ ਸਿੱਖ ਬੱਚਾ ਤੇ ਨੌਜਵਾਨ ਆਪਣੇ ਅੰਦਰ ਪੰਥ ਪ੍ਰਸਤੀ ਵਾਲੀ ਸੋਚ ਤੇ ਗੁਰਸਿੱਖੀ ਵਾਲਾ ਜ਼ਜਬਾ ਪੈਦਾ ਕਰੇ।ਇਸ ਮੌਕੇ ਨਿਸ਼ਕਾਮ ਨਾਮ ਸਿਮਰਨ ਸੇਵਾ ਸੁਸਾਇਟੀ ਦੇ ਮੁੱਖ ਸੇਵਾਦਾਰ ਸ.ਭੁਪਿੰਦਰ ਸਿੰਘ ਨੇ ਕਿਹਾ ਕਿ ਸਵ: ਜੱਥੇਦਾਰ ਅਵਤਾਰ ਸਿੰਘ ਮੱਕੜ ਸਾਬਕਾ ਪ੍ਰਧਾਨ ਸ਼?ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਨਿੱਘੇ ਸਹਿਯੋਗ ਨਾਲ ਸੁਸਾਇਟੀ ਵੱਲੋਂ ਚਲਾਈ ਜਾ ਰਹੀ ਹਫ਼ਤਾਵਰੀ ਕੀਰਤਨ ਸਮਾਗਮ ਦੀ ਲੜੀ ਸੰਗਤਾਂ ਦੇ ਲਈ ਪ੍ਰੇਨਾ ਦਾ ਸਰੋਤ ਬਣ ਚੁੱਕੀ ਹੈ ਅਤੇ ਅਗਲੇ ਹਫ਼ਤਾਵਾਰੀ ਸਮਾਗਮ ਵਿੱਚ ਪੰਥ ਦੇ ਪ੍ਰਸਿੱਧ ਕੀਰਤਨੀਏ ਭਾਈ ਸੁਖਦੇਵ ਸਿੰਘ ਪਾਰਸ ਪਟਿਆਲੇ ਵਾਲੇ ਅਤੇ ਭਾਈ ਸਿਮਰਨਜੀਤ ਸਿੰਘ ਖਾਲਸਾ ਆਪਣੇ ਜੱਥਿਆਂ ਨਾਲ ਹਾਜ਼ਰੀਆਂ ਭਰਕੇ

ਸੰਗਤਾਂ ਨੂੰ ਗੁਰਬਾਣੀ ਕੀਰਤਨ ਰਾਹੀਂ ਨਿਹਾਲ ਕਰਨਗੇ । ਇਸ ਮੌਕੇ ਨਿਸ਼ਕਾਮ ਨਾਮ ਸਿਮਰਨ ਸੇਵਾ ਸੁਸਾਇਟੀ ਦੇ ਮੁੱਖ ਸੇਵਾਦਾਰ ਸ.ਭੁਪਿੰਦਰ ਸਿੰਘ ਅਤੇ ਉਨ੍ਹਾਂ ਦੇ ਸਾਥੀ ਮੈਬਰਾਂ ਨੇ ਕੀਰਤਨੀ ਜੱਥਿਆਂ ਨੂੰ ਸਿਰਪਾਉ ਭੇਟ ਕਰਕੇ ਸਨਮਾਨਿਤ ਵੀ ਕੀਤਾ ਗਿਆ। ਸਮਾਗਮ ਦੌਰਾਨ ਸ. ਇੰਦਰਜੀਤ ਸਿੰਘ ਮੱਕੜ ,ਜਤਿੰਦਰਪਾਲ ਸਿੰਘ ਸਲੂਜਾ, ਕਰਨੈਲ ਸਿੰਘ ਬੇਦੀ, ਪ੍ਰਿਤਪਾਲ ਸਿੰਘ ,ਬਲਬੀਰ ਸਿੰਘ ਭਾਟੀਆ, ਅਰੋੜਾ, ਜਗਪ੍ਰੀਤ ਸਿੰਘ ਮੱਕੜ,ਮਨਜੀਤ ਸਿੰਘ ,ਤਰਲੋਚਨ ਸਿੰਘ ਸਾਂਬਰ,ਰਵਿੰਦਰ ਸਿੰਘ ਪੈਰੀ,ਜੱਥੇਦਾਰ ਹਰਪਾਲ ਸਿੰਘ ਖਾਲਸਾ, ਡਾ.ਹਰਵਿੰਦਰ ਸਿੰਘ ,ਹਰਭਜਨ ਸਿੰਘ ਰਿਟਾਇਰਡ ਐਸ.ਐਸ.ਪੀ,

ਆਗਿਆਪਾਲ ਸਿੰਘ ਚਾਵਲਾ,ਜੀਤ ਸਿੰਘ, ਗੁਰਵਿੰਦਰ ਸਿੰਘ ਆੜਤੀ,ਸੁਰਿੰਦਰ ਸਿੰਘ ਸਚਦੇਵਾ,ਇੰਦਰਪਾਲ ਸਿੰਘ ਕਾਲੜਾ, ਕਮਲਦੀਪ ਸਿੰਘ ਕਾਲੜਾ,ਹਰਕੀਰਤ ਸਿੰਘ ਬਾਵਾ,ਜੁਗਿੰਦਰ ਸਿੰਘ, ਸਰਪੰਚ ਗੁਰਚਰਨ ਸਿੰਘ,ਏ.ਪੀ ਸਿੰਘ ਅਰੋੜਾ , ਜਗਦੇਵ ਸਿੰਘ ਕਲਸੀ,ਅੱਤਰ ਸਿੰਘ ਮੱਕੜ,ਮਹਿੰਦਰ ਸਿੰਘ ਡੰਗ, ਰਜਿੰਦਰ ਸਿੰਘ ਡੰਗ,ਗੁਰਪ੍ਰੀਤ ਸਿੰਘ ਪ੍ਰਿੰਸ, ਸੁਖਪ੍ਰੀਤ ਸਿੰਘ ਮਨੀ, ਬਾਦਸ਼ਾਹ ਦੀਪ ਸਿੰਘ,ਕਰਨਦੀਪ ਸਿੰਘ, ਮਨਜੀਤ ਸਿੰਘ ਟੋਨੀ, ਬਲ ਫਤਹਿ ਸਿੰਘ ਵਿਸ਼ੇਸ਼ ਤੌਰ ਤੇ ਹਾਜ਼ਰ ਸਨ।




# ਅਰੋੜਾ ਨੇ ਲੁਧਿਆਣਾ ਸਟੇਸ਼ਨ ਨੂੰ ਪਹਿਲੇ ਪੜਾਅ ਵਿੱਚ ਲੈਣ ਲਈ ਰੇਲਵੇ ਮੰਤਰੀ ਦਾ ਕੀਤਾ ਧੰਨਵਾਦ

**• ਲੁਧਿਆਣਾ/ਸੁਖਚੈਨ ਮਹਿਰਾ**

'ਆਪ' ਸੰਸਦ ਮੈਂਬਰ (ਰਾਜ ਸਭਾ) ਸੰਜੀਵ ਅਰੋੜਾ ਨੇ ਐਤਵਾਰ ਨੂੰ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੁਆਰਾ ਅਮਰੁਤ ਸਟੇਸ਼ਨ ਸਕੀਮ ਤਹਿਤ ਲੁਧਿਆਣਾ ਰੇਲਵੇ ਸਟੇਸ਼ਨ ਦੇ ਪੁਨਰ ਵਿਕਾਸ ਪ੍ਰੋਜੈਕਟ ਦੇ ਵਰਚੁਅਲ ਨੀਂਹ ਪੱਥਰ ਸਮਾਗਮ ਵਿੱਚ ਸ਼ਿਰਕਤ ਕੀਤੀ।ਉਨ੍ਹਾਂ ਨੂੰ ਇਸ ਸਮਾਗਮ ਲਈ ਫ਼?ਰੋਜ਼ਪੁਰ ਦੇ ਡਿਵੀਜ਼ਨਲ ਰੇਲਵੇ ਮੈਨੇਜਰ (ਡੀਆਰਐਮ) ਸੰਜੇ ਸਾਹੂ ਨੇ ਸੱਦਾ ਦਿੱਤਾ ਸੀ। ਲੁਧਿਆਣਾ ਰੇਲਵੇ ਸਟੇਸ਼ਨ ਦੇਸ਼ ਭਰ ਦੇ ਕੁੱਲ 508 ਰੇਲਵੇ ਸਟੇਸ਼ਨਾਂ ਵਿੱਚੋਂ ਇੱਕ ਸੀ, ਜਿਸਦਾ ਅੱਜ ਪ੍ਰਧਾਨ ਮੰਤਰੀ ਵੱਲੋਂ ਅਮਰੁਤ ਸਟੇਸ਼ਨ ਸਕੀਮ ਤਹਿਤ ਉਦਘਾਟਨ ਕੀਤਾ ਗਿਆ। ਇਨ੍ਹਾਂ ਸਾਰੇ ਰੇਲਵੇ ਸਟੇਸ਼ਨਾਂ ਦਾ ਮੁੜ ਵਿਕਾਸ ਕੀਤਾ ਜਾਵੇਗਾ, ਜਿਸ ਨਾਲ ਭਾਰਤ ਵਿੱਚ ਰੇਲ ਬੁਨਿਆਦੀ ਢਾਂਚੇ ਵਿੱਚ ਇੱਕ ਮਹੱਤਵਪੂਰਨ ਤਬਦੀਲੀ ਆਵੇਗੀ। ਇਸ ਮੌਕੇ ਅਰੋੜਾ ਨੇ ਕਿਹਾ ਕਿ ਲੁਧਿਆਣਾ ਤੋਂ ਸੰਸਦ ਮੈਂਬਰ ਬਣਨ ਤੋਂ ਬਾਅਦ ਉਹ ਰੇਲ ਮੰਤਰੀ ਅਸ਼ਵਨੀ ਵੈਸ਼ਨਵ ਨੂੰ ਮਿਲੇ ਸਨ ਅਤੇ ਉਨ੍ਹਾਂ ਨੂੰ ਅੰਗਰੇਜ਼ਾਂ ਵੱਲੋਂ ਸਥਾਪਿਤ ਕੀਤੇ ਗਏ ਲੁਧਿਆਣਾ ਦੇ ਮੌਜੂਦਾ ਰੇਲਵੇ ਸਟੇਸ਼ਨ ਦਾ ਨਵੀਨੀਕਰਨ ਕਰਨ ਲਈ ਬੇਨਤੀ ਕੀਤੀ ਸੀ। ਉਨ੍ਹਾਂ ਕਿਹਾ ਕਿ ਰੇਲ ਮੰਤਰੀ ਨੇ ਉਨ੍ਹਾਂ ਨੂੰ ਦੱਸਿਆ ਕਿ ਲੁਧਿਆਣਾ ਅਤੇ ਦੇਸ਼ ਭਰ ਦੇ ਕੁਝ ਹੋਰ ਰੇਲਵੇ ਸਟੇਸ਼ਨਾਂ ਦਾ ਦੋ ਪੜਾਵਾਂ ਵਿੱਚ ਮੁੜ ਵਿਕਾਸ ਕੀਤਾ ਜਾਣਾ ਹੈ। ਫਿਰ ਉਨ੍ਹਾਂ ਰੇਲ ਮੰਤਰੀ ਨੂੰ ਮੁੜ ਵਿਕਾਸ ਦੇ ਪਹਿਲੇ ਪੜਾਅ ਵਿੱਚ ਲੁਧਿਆਣਾ ਨੂੰ ਸ਼ਾਮਲ ਕਰਨ ਦੀ ਬੇਨਤੀ ਕੀਤੀ। ਅਰੋੜਾ ਨੇ ਕਿਹਾ, ÷ਮੈਂ ਰੇਲਵੇ ਮੰਤਰੀ ਦਾ ਧੰਨਵਾਦ ਕਰਦਾ ਹਾਂ ਕਿ ਉਨ੍ਹਾਂ ਮੇਰੀ ਬੇਨਤੀ ਨੂੰ ਪ੍ਰਵਾਨ ਕਰ ਲਿਆ ਅਤੇ ਲੁਧਿਆਣਾ ਰੇਲਵੇ ਸਟੇਸ਼ਨ ਦਾ ਵਿਕਾਸ ਕਾਰਜ ਸ਼ੁਰੂ ਕੀਤਾ, ਜੋ ਕਿ ਸਮੇਂ ਦੀ ਵੱਡੀ ਲੋੜ ਸੀ। ਅਰੋੜਾ ਨੇ ਅੱਗੇ ਕਿਹਾ ਕਿ ਇਹ ਸੱਚਮੁੱਚ ਹੀ ਲੁਧਿਆਣਾ ਲਈ ਮਾਣ ਵਾਲੀ ਗੱਲ ਹੈ ਕਿ ਫਿਰੋਜ਼ਪੁਰ ਡਿਵੀਜ਼ਨ ਦੇ ਰੇਲਵੇ ਸਟੇਸ਼ਨਾਂ ਦੇ ਪੁਨਰ ਵਿਕਾਸ 'ਤੇ ਖਰਚ ਕੀਤੀ ਜਾ ਰਹੀ ਕੁੱਲ 1100 ਕਰੋੜ ਰੁਪਏ ਦੀ ਰਾਸ਼ੀ ਵਿਚੋਂ 500 ਕਰੋੜ ਰੁਪਏ ਦੀ ਰਾਸ਼ੀ ਲੁਧਿਆਣਾ ਰੇਲਵੇ ਸਟੇਸ਼ਨ 'ਤੇ ਖਰਚ ਕੀਤੀ ਜਾ ਰਹੀ ਹੈ। ਉਨ੍ਹਾਂ ਕਿਹਾ ਕਿ ਮੁੜ ਵਿਕਾਸ ਨਾਲ ਲੁਧਿਆਣਾ ਰੇਲਵੇ ਸਟੇਸ਼ਨ 'ਤੇ ਅਤਿ-ਆਧੁਨਿਕ ਸਹੂਲਤਾਂ ਮੁਹੱਈਆ ਕਰਵਾਈਆਂ ਜਾ ਰਹੀਆਂ ਹਨ।

ਉਨ੍ਹਾਂ ਕਿਹਾ ਕਿ ਉਨ੍ਹਾਂ ਨੂੰ ਡੀਆਰਐਮ ਸੰਜੇ ਸਾਹੂ ਨੇ ਦੱਸਿਆ ਸੀ ਕਿ ਲੁਧਿਆਣਾ ਰੇਲਵੇ ਸਟੇਸ਼ਨ 2025 ਤੱਕ ਮੁਕੰਮਲ ਹੋ ਜਾਵੇਗਾ। ਅਰੋੜਾ ਨੇ ਕਿਹਾ, ÷ਪਰ, ਮੈਂ ਉਨ੍ਹਾਂ ਨੂੰ 2024 ਤੱਕ ਲੁਧਿਆਣਾ ਰੇਲਵੇ ਸਟੇਸ਼ਨ ਨੂੰ ਵਿਸ਼ਾਲ ਜਨਤਕ ਹਿੱਤ ਵਿੱਚ ਪੂਰਾ ਕਰਨ ਦੀ ਬੇਨਤੀ ਕੀਤੀ ਹੈ। ਉਨ੍ਹਾਂ ਇਹ ਵੀ ਕਿਹਾ ਕਿ ਹੁਣ ਢੰਡਾਰੀ ਸਟੇਸ਼ਨ 'ਤੇ ਕੁਝ ਪੈਸੇਂਜਰ ਗੱਡੀਆਂ ਨਿਯਮਿਤ ਤੌਰ 'ਤੇ ਰੁਕਣਗੀਆਂ, ਜਿਸ ਨਾਲ ਮੁੱਖ ਰੇਲਵੇ ਸਟੇਸ਼ਨ 'ਤੇ ਬੋਝ ਘਟੇਗਾ

ਅਰੋੜਾ ਨੇ ਕਿਹਾ ਕਿ ਪੁਨਰ-ਵਿਕਾਸ ਤੋਂ ਬਾਅਦ ਲੁਧਿਆਣਾ ਰੇਲਵੇ ਸਟੇਸ਼ਨ ਕਿਸੇ ਹਵਾਈ ਅੱਡੇ ਤੋਂ ਘੱਟ ਨਹੀਂ ਰਹੇਗਾ ਕਿਉਂਕਿ ਇੱਥੇ ਉਪਲਬਧ ਸਹੂਲਤਾਂ ਹਵਾਈ ਅੱਡੇ ਦੇ ਬਰਾਬਰ ਹੋਣਗੀਆਂ। ਇਸ ਮੌਕੇ ਅਰੋੜਾ ਨੇ ਲੇਖ ਮੁਕਾਬਲੇ ਵਿੱਚ ਇਨਾਮ ਜਿੱਤਣ ਵਾਲੇ ਸਕੂਲੀ ਬੱਚਿਆਂ ਨੂੰ ਸਰਟੀਫਿਕੇਟ ਵੰਡੇ।




DIPS IMT
DIPS INSTITUTE OF MANAGEMENT & TECHNOLOGY
RAMNEEK AVENUE, PATHANKOT BYE PASS
JALANDHAR CITY
www.dipsimt@gmail.com ( dipsimt@gmail.com )
CONTACT : 95010-00697 , 97806-00998

# ਦੇਸ਼ ਵਿੱਚ ਸ਼ਾਂਤੀ ਵਿਵਸਥਾ ਕਾਇਮ ਰੱਖਣਾ ਬੇਹੱਦ ਜਰੂਰੀ : ਨਵਾਬ ਫੈਸਲ ਖਾਨ

• ਸ੍ਰੀ ਅਨੰਦਪੁਰ ਸਾਹਿਬ/ਦਵਿੰਦਰਪਾਲ ਸਿੰਘ

ਪਿਛਲੇ ਕੁਝ ਸਮੇਂ ਤੋਂ ਦੇਸ਼ ਦੇ ਕਈ ਰਾਜਾਂ ਵਿੱਚ ਹਿੰਸਾ ਦੀਆਂ ਘਟਨਾਵਾਂ ਵਾਪਰ ਰਹੀਆਂ ਹਨ। ਇਹਨਾਂ ਘਟਨਾਵਾਂ ਨਾਲ ਜਿੱਥੇ ਵੱਡੇ ਪੱਧਰ ਤੇ ਜਾਨੀ ਮਾਲੀ ਨੁਕਸਾਨ ਹੋਇਆ ਹੈ ਉਥੇ ਹੀ ਹਰ ਪਾਸੇ ਡਰ ਅਤੇ ਸਹਿਮ ਦਾ ਮਾਹੌਲ ਹੈ। ਅਜਿਹੀਆਂ ਘਟਨਾਵਾਂ ਨਾਲ ਦੇਸ਼ ਦੀ ਸਾਖ ਨੂੰ ਠੇਸ ਵੱਜਦੀ ਹੈ। ਦੇਸ਼ ਦੇ ਕਈ ਰਾਜਾਂ ਵਿੱਚ ਬਿਗੜੇ ਹਲਾਤਾਂ ਬਾਰੇ ਉੱਘੇ ਲੇਖਕ ਤੇ ਚਿੰਤਕ ਨਵਾਬ ਫੈਸਲ ਖਾਨ ਨਾਲ ਗੱਲਬਾਤ ਕੀਤੀ ਗਈ। ਇਸ ਗੱਲਬਾਤ ਵਿੱਚ ਨਵਾਬ ਨੇ ਕਿਹਾ ਕਿ ਦੇਸ਼ ਵਿੱਚ ਸ਼ਾਂਤੀ ਵਿਵਸਥਾ ਕਾਇਮ ਰੱਖਣਾ ਬੇਹੱਦ ਜਰੂਰੀ ਹੈ। ਸ਼ਾਂਤੀ ਵਿਵਸਥਾ ਤੇ ਆਪਸੀ ਸਾਂਝ ਬਣਾਈ ਰੱਖਣ ਵੱਲ ਸੂਬਾ ਤੇ ਕੇਂਦਰ ਸਰਕਾਰ ਨੂੰ ਉਚੇਚੇ ਤੌਰ ਤੇ ਧਿਆਨ ਦੇਣ ਦੀ ਲੋੜ ਹੈ। ਜਿੰਨਾਂ ਰਾਜਾਂ ਵਿੱਚ ਮਾਹੌਲ ਖਰਾਬ ਹੋਇਆ ਹੈ ਉੱਥੇ ਸਖ਼ਤ ਤੋਂ ਸਖਤ ਕਦਮ ਚੁੱਕ ਕੇ ਦੋਸ਼ੀਆਂ ਨੂੰ ਸਖ਼ਤ ਤੋਂ ਸਜ਼ਾਵਾਂ ਦੇਣੀਆਂ ਚਾਹੀਦੀਆਂ ਹਨ। ਨਵਾਬ ਨੇ ਕਿਹਾ ਕਿ ਸਾਡਾ ਦੇਸ਼ ਅਹਿੰਸਾ ਦੇ ਰਾਹ ਤੇ ਚੱਲਣ ਵਾਲਾ ਦੇਸ਼ ਹੈ। ਆਪਸੀ ਭਾਈਚਾਰਾ ਅਨੇਕਤਾ ਵਿੱਚ ਏਕਤਾ ਸਾਡੇ ਦੇਸ਼ ਦੀ ਪਹਿਚਾਣ ਹੈ। ਜੋ ਵੀ ਇਸ ਨੂੰ ਨੁਕਸਾਨ ਪਹੁੰਚਾਉਣ ਦੀ ਕੋਸ਼ਿਸ਼ ਕਰਦਾ ਹੈ ਉਸ ਨੂੰ ਬਖਸ਼ਿਆ ਨਹੀਂ ਜਾਣਾ ਚਾਹੀਦਾ।



# ਭਾਰਤੀ ਹਵਾਈ ਫੋਜ 'ਚ ਅਗਨੀਵੀਰ ਦੀਆਂ ਅਸਾਮੀਆਂ ਲਈ ਲੜਕੇ ਅਤੇ ਲੜਕੀਆਂ ਦੋਵੇਂ ਭਰ ਸਕਦੈ ਫਾਰਮ

•ਸਹੀਦ ਭਗਤ ਸਿੰਘ ਨਗਰ

ਡਿਪਟੀ ਕਮਿਸ਼ਨਰ—ਕਮ—ਚੇਅਰਮੈਨ, ਡੀ.ਬੀ.ਈ.ਈ. ਨਵਜੋਤ ਪਾਲ ਸਿੰਘ ਰੰਧਾਵਾ ਦੇ ਦਿਸ਼ਾ ਨਿਰਦੇਸ਼ਾਂ ਹੇਠ ਜ਼ਿਲ੍ਹੇ ਦੇ ਬੇਰੋਜ਼ਗਾਰ ਨੌਜਵਾਨਾਂ ਨੂੰ ਆਪਣੇ ਪੈਰਾਂ 'ਤੇ ਖੜਾ ਕਰਨ ਲਈ ਰੋਜ਼ਗਾਰ/ਸਵੈ—ਰੋਜ਼ਗਾਰ/ਹੁਨਰ ਸਿਖਲਾਈ ਰਾਹੀਂ ਹਰ ਸੰਭਵ ਯਤਨ ਕੀਤੇ ਜਾ ਰਹੇ ਹਨ। ਇਸ ਸਬੰਧੀ ਜਾਣਕਾਰੀ ਦਿੰਦਿਆਂ ਜ਼ਿਲ੍ਹਾ ਰੋਜ਼ਗਾਰ ਉੱਤਪਤੀ ਹੁਨਰ ਵਿਕਾਸ ਅਤੇ ਸਿਖਲਾਈ ਅਫ਼ਸਰ ਸੰਜੀਵ ਕੁਮਾਰ ਨੇ ਦੱਸਿਆ ਕਿ ਭਾਰਤੀ ਹਵਾਈ ਫੌਜ ਵਿੱਚ ਅਗਨੀਵੀਰ ਸਕੀਮ ਅਧੀਨ ਅਗਨੀਵੀਰ ਦੀਆਂ ਅਸਾਮੀਆਂ ਲਈ ਲੜਕੇ ਅਤੇ ਲੜਕੀਆਂ ਉਮੀਦਵਾਰ ਪ੍ਰਾਰਥੀ ਆਨਲਾਈਨ ਫਾਰਮ ਰਾਹੀਂ ਆਪਣੀ ਰਜਿਸਟਰੇਸ਼ਨ ਜਿਨ੍ਹਾਂ ਦਾ ਜਨਮ 07.06.2003 ਅਤੇ 27.12.2006 (ਦੋਨੋਂ ਦਿਨ ਸ਼ਾਮਿਲ) ਦੌਰਾਨ ਹੋਇਆ ਹੋਵੇ ਅਪਲਾਈ ਕਰ ਸਕਦੇ ਹਨ। ਉਨ੍ਹਾਂ ਦੱਸਿਆ ਕਿ ਇਸ ਅਸਾਮੀ ਲਈ ਪ੍ਰਾਰਥੀ ਨੇ ਬਾਰਵੀਂ ਜਾਂ 3 ਸਾਲ ਦਾ ਇੰਜੀਨੀਅਰਿੰਗ ਵਿੱਚ ਡਿਪਲੋਮਾ ਕੈਨੀਕਲ,ਇਲੈਕਟ?ਰੀਕਲ, ਇਲੈਕਟਰੋਨਿਕਸ, ਅਟੋਮੋਬਾਈਲ,ਕੰਪਿਊਟਰ ਸਾਇੰਸ,ਇੰਸਟੂਕਮੈਂਟੇਸ਼ਨ ਤਕਨਾਲੋਜੀ ਅਤੇ ਆਈ.ਟੀ) ਜਾਂ ਫਿਰ ਦੋ ਸਾਲ ਦਾ ਵੋਕੇਸ਼ਨਲ ਕੋਰਸ ਕੀਤਾ ਹੋਵੇ ਅਤੇ ਇਨ੍ਹਾਂ ਦਰਸਾਈਆਂ ਯੋਗਤਾ ਵਿੱਚ ਪ੍ਰਾਰਥੀ ਦੇ ਇਮਤਿਹਾਨਾਂ ਵਿੱਚੋਂ 50 ਫੀਸਦੀ ਐਗਰੀਗੇਟ ਨੰਬਰ ਅਤੇ ਅੰਗਰੇਜੀ ਵਿੱਚ ਵੀ 50 ਫੀਸਦੀ ਨੰਬਰ ਹਾਸਿਲ ਕੀਤੇ ਹੋਣੇ ਚਾਹੀਦੇ ਹਨ।ਪ੍ਰਾਰਥੀ ਦੀ ਲੰਬਾਈ ਘੱਟੋ ਘੱਟ 152.5 ਸ.ਸ. (ਲੜਕੇ) ਅਤੇ 152 ਸ.ਸ. (ਲੜਕੀਆਂ) ਦੀ ਲੰਬਾਈ ਹੋਣੀ ਚਾਹੀਦੀ ਹੈ।



# ਸ਼ਹੀਦੋਂ ਕੀ ਚਿਤਾਓਂ ਪਰ ਲਗੇਂਗੇ ਹਰ ਬਰਸ ਮੇਲੇ, ਵਤਨ ਪਰ ਮਰ ਮਿਟਨੇ ਵਾਲੋਂ ਕਾ ਬਾਕੀ ਯਹੀ ਨਿਸ਼ਾਂ ਹੋਗਾ

■ ਸ਼ਹੀਦ ਸਿਪਾਹੀ ਰਣਜੀਤ ਸਿੰਘ ਕਟਵਾਲ ਦੀ ਯਾਦ ਨੂੰ ਤਾਜ਼ਾ ਰੱਖਣ ਲਈ ਉਨ੍ਹਾਂ ਦੇ ਪਿੰਡ ਅੱਪਰ ਬੱਫਲ ਵਿਖੇ ਯਾਦਗਾਰੀ ਗੇਟ ਦਾ ਰੱਖਿਆ ਨੀਂਹ ਪੱਥਰ

• ਸ੍ਰੀ ਅਨੰਦਪੁਰ ਸਾਹਿਬ/ਦਵਿੰਦਰਪਾਲ ਸਿੰਘ

18 ਮਈ 1992 ਨੂੰ ਜੰਮੂ ਕਸ਼ਮੀਰ ਦੇ ਕੁਪਵਾੜਾ ਜ਼ਿਲੇ ਵਿੱਚ ਅੱਤਵਾਦੀਆਂ ਨਾਲ ਲੋਹਾ ਲੈਂਦਿਆਂ ਹੋਇਆਂ ਸ਼ਹੀਦ ਹੋਏ ਪਿੰਡ ਅੱਪਰ ਬੱਫਲ ਦੇ ਸਿਪਾਹੀ ਰਣਜੀਤ ਸਿੰਘ ਕਟਵਾਲ ਦੀ ਯਾਦ ਨੂੰ ਹਮੇਸ਼ਾ ਤਾਜ਼ਾ ਰੱਖਣ ਲਈ ਉਨ੍ਹਾਂ ਦੇ ਪਿੰਡ ਅੱਪਰ ਬੱਫਲ ਵਿਖੇ ਯਾਦਗਾਰੀ ਗੇਟ ਦਾ ਨੀਂਹ ਪੱਥਰ ਸਰਦਾਰ ਕਮਿੱਕਰ ਸਿੰਘ ਡਾਢੀ ਜ਼ਿਲ੍ਹਾ ਪ੍ਰਧਾਨ ਯੂਥ ਵਿੰਗ ਰੂਪਨਗਰ ਵਲੋਂ ਰੱਖਿਆ ਗਿਆ ਇਸ ਗੇਟ ਨੂੰ ਬਣਾਉਣ ਲਈ ਕੈਬਨਿਟ ਮੰਤਰੀ ਸਰਦਾਰ ਹਰਜੋਤ ਸਿੰਘ ਬੈਂਸ ਜੀ ਨੇ ਸੱਤ ਲੱਖ ਬਾਈ ਹਜ਼ਾਰ ਦੀ ਗ੍ਰਾਂਟ ਜਾਰੀ ਕੀਤੀ ਸੀ। ਇਸ ਦੌਰਾਨ ਯੂਥ ਵਿੰਗ ਦੇ ਜ਼ਿਲ੍ਹਾ ਪ੍ਰਧਾਨ ਕਮਿੱਕਰ ਸਿੰਘ ਡਾਢੀ ਨੇ ਕਿਹਾ ਕਿ ਸ਼ਹੀਦ, ਦੇਸ਼ ਅਤੇ ਕੌਮ ਦਾ ਸਰਮਾਇਆ ਹੈ ਇਨ੍ਹਾਂ ਨੂੰ ਭੁਲਾਇਆ ਨਹੀਂ ਜਾ ਸਕਦਾ।ਉਨ੍ਹਾਂ ਨੇ ਕਿਹਾ ਸ਼ਹੀਦਾਂ ਦੀ ਕੁਰਬਾਨੀ ਦੀ ਕੋਈ ਵੀ ਕੀਮਤ ਨਹੀਂ ਹੈ ਲੇਕਿਨ ਜਦੋਂ ਦੀ ਆਮ ਆਦਮੀ ਪਾਰਟੀ ਦੀ ਸਰਕਾਰ ਆਈ ਹੈ ਤਾਂ ਸਾਡੇ ਮਾਨਯੋਗ ਮੁੱਖ ਮੁੱਖ ਮੰਤਰੀ ਨੇ ਸ਼ਹੀਦਾਂ ਦੀ ਸਨਮਾਨ ਰਾਸ਼ੀ ਨੂੰ ਵਧਾ ਕੇ ਇੱਕ ਕਰੋੜ ਰੁਪਏ ਕਰ ਦਿੱਤਾ ਉਨ੍ਹਾਂ ਨੇ ਇਹ ਵੀ ਕਿਹਾ ਕਿ ਇਹ ਸਿਰਫ਼ ਇਕੱਲਾ ਸ਼ਹੀਦੀ ਗੇਟ ਹੀ ਨਹੀਂ ਹੈ ਇਹ ਸਾਡੀਆਂ ਆਉਣ ਵਾਲੀਆਂ ਪੀੜ੍ਹੀਆਂ ਲਈ ਦੇਸ਼ ਭਗਤੀ ਦਾ ਪ੍ਰਤੀਕ ਵੀ ਹੈ ਹਲਕੇ ਵਿੱਚ ਸੱਤ ਹੋਰ ਯਾਦਗਾਰੀ ਗੇਟਾਂ ਬਣਾਉਣ ਲਈ ਮੰਤਰੀ ਸਾਹਬ ਵਲੋਂ ਗ੍ਰਾਂਟਾਂ ਜਾਰੀ ਕਰ ਦਿੱਤੀਆਂ ਗਈਆਂ ਨੇ ਜਿਨ੍ਹਾਂ ਦਾ ਕੰਮ ਵੀ ਬਹੁਤ ਜਲਦੀ ਸ਼ੁਰੂ ਕਰ ਦਿੱਤਾ ਜਾਵੇਗਾ।ਇਸ ਦੌਰਾਨ ਪਰਿਵਾਰ ਵਾਲਿਆਂ ਦਾ ਕਹਿਣਾ ਹੈ ਕਿ ਇਸ ਮੰਗ ਨੂੰ ਪੂਰਾ ਹੋਣ ਲਈ 32 ਸਾਲ ਲੱਗ ਗਏ ਅੱਜ ਤੱਕ ਜਿੰਨੀਆ ਵੀ ਸਰਕਾਰਾਂ ਆਈਆਂ ਉਨ੍ਹਾਂ ਨੇ ਸ਼ਹੀਦਾਂ ਦੇ ਨਾਮ ਤੇ ਸਿਰਫ ਰਾਜਨੀਤੀ ਹੀ ਕੀਤੀ ਅਸੀਂ ਆਮ ਆਦਮੀ ਪਾਰਟੀ ਅਤੇ ਕੈਬਨਿਟ ਮੰਤਰੀ ਸਰਦਾਰ ਹਰਜੋਤ ਸਿੰਘ ਬੈਂਸ ਜੀ ਦਾ ਧੰਨਵਾਦ ਕਰਦੇ ਹਾਂ ਕਿ ਉਨ੍ਹਾਂ ਨੇ ਸ਼ਹੀਦਾਂ ਨੂੰ ਬਣਦਾ ਮਾਣ ਸਤਿਕਾਰ ਦਿੱਤਾ। ਇਸ ਮੌਕੇ ਤੇ ਯੂਥ ਵਿੰਗ ਦੇ ਪ੍ਰਧਾਨ ਸਰਦਾਰ ਕਮਿੱਕਰ ਸਿੰਘ ਡਾਢੀ, ਸ਼ਹੀਦ ਦੇ ਮਾਤਾ ਮਲਕੀਤ ਕੌਰ ਪਿਤਾ ਬਲਦੇਵ ਸਿੰਘ,ਕੈਪਟਨ ਗੁਰਨਾਮ ਸਿੰਘ ਬੱਢਲ ਪ੍ਰਧਾਨ ਚੰਗਰ ਜੋਨ,ਗੁਰਪਾਲ ਸਿੰਘ ਕਾਕੂ ਸਰਪੰਚ ਬੱਢਲ ,ਸੂਬੇਦਾਰ ਰਾਜਪਾਲ ਮੋਹੀਵਾਲ ਸਰਕਲ ਪ੍ਰਧਾਨ ,ਸ਼ਮਸ਼ੇਰ ਸਿੰਘ ਲਖੇੜ,ਸਰਕਲ ਪ੍ਰਧਾਨ ਦਿਲੇਰ ਸਿੰਘ ਮੈਂਹਦਲੀ, ਰਾਕੇਸ਼ ਚੌਧਰੀ, ਸੂਬੇਦਾਰ ਗੁਰਮੇਲ ਸਿੰਘ ,ਕਮਲ ਬਲੋਲੀ, ਗੁਰਦੇਵ ਸਿੰਘ,ਬੰਟੀ , ਠੇਕੇਦਾਰ ਇੰਦਰਪਾਲ, ਠੇਕੇਦਾਰ ਜੰਟੀ, ਬੰਟੂ ਰਾਜਪੂਤ ,ਲਵਪ੍ਰੀਤ ਲਵਲੀ ਅਤੇ ਪਿੰਡ ਵਾਸੀ ਮੌਜੂਦ ਸਨ।

# ਸੰਤ ਬਾਬਾ ਈਸ਼ਰ ਸਿੰਘ ਰਾੜਾ ਸਾਹਿਬ ਵਾਲਿਆਂ ਦੇ ਜਨਮ ਦਿਹਾੜੇ ਨੂੰ ਸਮਰਪਿਤ ਖ਼ੂਨਦਾਨ ਕੈਂਪ ਲਾਇਆ

• ਲੁਧਿਆਣਾ

ਸੰਤ ਬਾਬਾ ਈਸ਼ਰ ਸਿੰਘ ਜੀ ਰਾੜਾ ਸਾਹਿਬ ਵਾਲਿਆਂ ਜੀ ਦੇ ਜਨਮ ਅਸਥਾਨ ਨਗਰ ਆਲੋਵਾਲ ਵਿਖੇ ਸੰਤ ਬਾਬਾ ਈਸ਼ਰ ਸਿੰਘ ਜੀ ਰਾੜਾ ਸਾਹਿਬ ਵਾਲਿਆਂ ਦੇ ਜਨਮ ਦਿਹਾੜੇ ਤੇ ਸਲਾਨਾ ਜੋੜ ਮੇਲੇ ਨੂੰ ਸਮਰਪਿਤ ਮਨੁੱਖਤਾ ਦੇ ਭਲੇ ਲਈ ਉਘੇ ਸਮਾਜ ਸੇਵੀ ਹਰਪ੍ਰੀਤ ਸਿੰਘ ਭੰਗੂ ਦੀ ਰਹਿਨੁਮਾਈ ਹੇਠ ਭਾਈ ਘਨਈਆ ਜੀ ਮਿਸ਼ਨ ਸੇਵਾ ਸੁਸਾਇਟੀ (ਰਜਿ) ਦੇ ਮੁੱਖ ਸੇਵਾਦਾਰ ਜਥੇਦਾਰ ਤਰਨਜੀਤ ਸਿੰਘ ਨਿਮਾਣਾ ਦੀ ਪ੍ਰੇਰਣਾ ਸਦਕਾ 653ਵਾਂ ਮਹਾਨ ਖ਼ੂਨਦਾਨ ਕੈਂਪ ਸਮੂਹ ਨਗਰ ਨਿਵਾਸੀਆਂ ਦੇ ਸਹਿਯੋਗ ਨਾਲ ਲਗਾਇਆ ਗਿਆ।ਇਸ ਮੌਕੇ ਤੇ ਜਥੇਦਾਰ ਹਰਫੂਲ ਸਿੰਘ ਭੰਗੂ,ਪ੍ਰਧਾਨ ਕਰਨੈਲ ਸਿੰਘ ਨੇ ਖ਼ੂਨਦਾਨ ਕੈਂਪ ਦਾ ਉਦਘਾਟਨ ਕਰਦਿਆਂ ਸਾਂਝੇ ਤੌਰ ਤੇ ਸੰਤ ਬਾਬਾ ਈਸ਼ਰ ਸਿੰਘ ਜੀ ਦੇ ਜਨਮ ਦਿਹਾੜੇ ਦੀਆਂ ਸੰਗਤਾਂ ਨੂੰ ਵਧਾਈ ਦੇਂਦੇ ਹੋਏ ਕਿਹਾ ਹਸਪਤਾਲ ਵਿਚ ਜ਼ਿੰਦਗੀ ਤੇ ਮੌਤ ਦੀ ਲੜਾਈ ਲਰ ਰਹੇ ਮਰੀਜ਼ਾਂ ਲਈ ਭਾਈ ਘਨਈਆ ਜੀ ਮਿਸ਼ਨ ਸੇਵਾ ਸੁਸਾਇਟੀ (ਰਜਿ) ਦੇ ਮੁੱਖ ਸੇਵਾਦਾਰ ਜਥੇਦਾਰ ਤਰਨਜੀਤ ਸਿੰਘ ਨਿਮਾਣਾ ਅਤੇ ਸਾਥੀਆਂ ਵਲੋਂ ਨਿਸ਼ਕਾਮ ਰੂਪ ਵਿੱਚ ਲਗਾਏ ਗਏ ਮਹਾਨ ਖ਼ੂਨਦਾਨ ਕੈਂਪ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਤੰਦਰੁਸਤ ਇਨਸਾਨ ਨੂੰ ਹਰ 3 ਮਹੀਨੇ ਬਾਅਦ ਖ਼ੂਨਦਾਨ ਕਰਨਾ ਚਾਹੀਦਾ ਹੈ ਖ਼ੂਨਦਾਨ ਮਨੁੱਖਤਾ ਦੀ ਸਭ ਤੋਂ ਵੱਡੀ ਸੇਵਾ ਹੈ ਇਸ ਸਮੇਂ ਜਥੇਦਾਰ ਹਰਫੂਲ ਸਿੰਘ ਭੰਗੂ ਅਤੇ ਪ੍ਰਧਾਨ ਕਰਨੈਲ ਸਿੰਘ ਆਲੋਵਾਲ ਨੇ ਖ਼ੂਨਦਾਨ ਕਰਨ ਵਾਲੇ ਨੌਜਵਾਨਾਂ ਨੂੰ ਸਰਟੀਫੀਕੇਟ ਅਤੇ ਸਨਮਾਨ ਚਿੰਨ ਭੇਂਟ ਕਰਕੇ ਸਨਮਾਨਿਤ ਕੀਤਾ। ਇਸ ਮੌਕੇ ਉਘੇ ਸਮਾਜ ਸੇਵੀ ਹਰਪ੍ਰੀਤ ਸਿੰਘ ਭੰਗੂ ਨੇ ਦਸਿਆ ਕਿ 100 ਬਲੱਡ ਯੂਨਿਟ ਸਤਿਅਮ ਹਸਪਤਾਲ ਅਤੇ ਰਘੂਨਾਥ ਹਸਪਤਾਲ ਲੁਧਿਆਣਾ ਦੇ ਸਹਿਯੋਗ ਨਾਲ ਇਕੱਤਰ ਕੀਤਾ ਗਿਆ ਖ਼ੂਨ ਲੋੜਵੰਦ ਮਰੀਜ਼ਾਂ ਨੂੰ ਨਿਸ਼ਕਾਮ ਰੂਪ ਵਿਚ ਲੈਕੇ ਦਿੱਤਾ ਜਾਵੇਗਾ। ਇਸ ਮੌਕੇ ਤੇ ਗੁਰਜੰਟ ਸਿੰਘ ਸੈਕਟਰੀ, ਲਖਵਿੰਦਰ ਸਿੰਘ ਨੰਬਰਦਾਰ,ਪਰਮਜੀਤ ਸਿੰਘ ਧਾਲੀਵਾਲ, ਲਖਵੀਰ ਸਿੰਘ, ਸੁਖਦੇਵ ਸਿੰਘ,ਲਖਵਿੰਦਰ ਸਿੰਘ,ਪਰਮਿੰਦਰ ਸਿੰਘ, ਰਜਿੰਦਰ ਸਿੰਘ ਗੁਰਨਾ, ਗੁਰਜੰਟ ਸਿੰਘ ਗੁਰਨਾ, ਮਨਮੋਹਨ ਸਿੰਘ, ਕੇਸਰ ਸਿੰਘ ਗੁਰਨਾ, ਬਲਵੀਰ ਸਿੰਘ ਭੰਗੂ, ਗੁਰਧਿਆਨ ਸਿੰਘ ਗੁਰਨਾ, ਰਾਣਾ ਸਿੰਘ ਦਾਦ,ਅਮਨਦੀਪ ਸਿੰਘ, ਗਿਰਦੌਰ ਸਿੰਘ ਹਾਜ਼ਰ ਸਨ।






publisher/chief Editor
Aman Mehra
lok bani (news Paper)
lokbani08@gmail.com
www.lokbani.com
mob:99155-94111

Head Office:
Lokbani Sangam complex,Milap chowk jalandhar
Mob. 99155-94111

ਮਾਲਕ, ਪ੍ਰਕਾਸ਼ਕ, ਪ੍ਰਿੰਟਰ ਤੇ ਸੰਪਾਦਕ ਅਮਨ ਮੇਹਰਾ ਨੇ 'ਲੋਕ ਬਾਣੀ' ਦਾ ਇਹ ਅੰਕ ਰਚਨਾ ਪ੍ਰਿੰਟਰ, ਰੇਲਵੇ ਰੋਡ ਜਲੰਧਰ (ਪੰਜਾਬ) ਤੋਂ ਛਪਵਾ ਕੇ ਦਫਤਰ 'ਲੋਕ ਬਾਣੀ' ਸੰਗਮ ਕੰਪਲੈਕਸ ਮਿਲਾਪ ਚੌਂਕ ਜਲੰਧਰ (ਪੰਜਾਬ) ਤੋਂ ਪ੍ਰਕਾਸ਼ਤ ਕੀਤਾ।
RNI. PUNPUN/29016/2008

मालिक, प्रकाशक, प्रिंटर व संपादक अमन मेहरा ने लोक बाणी का यह अंक रचना प्रिंटर, रेलवे रोड जलंधर ( पंजाब ) से छपवाकर दफ्तर लोक बाणी संगम कंपलेक्स मिलाप चौक जलंधर ( पंजाब ) से प्रकाशित किया।
RNI. PUNPUN/29016/2008

Editor, printers and publisher Aman Mehra, Printed at Rachna printers, Railwy Road Jalandhar (punjab) Office lokbani, Sangam complex Milap Chowk Jalandhar (punjab)
RNI. PUNPUN/29016/2008



